

**ਕੱਤਕ ਦੀ ਸੰਗਰਾਂਦ ਅੱਜ**

ਸ਼੍ਰੋਮਣੀ ਕਮੇਟੀ ਵੱਲੋਂ ਜਾਰੀ ਕੈਲੰਡਰ ਅਨੁਸਾਰ ਕੱਤਕ ਮਹੀਨੇ ਦੀ ਸੰਗਰਾਂਦ ਅੱਜ। ਦੇਸ਼ ਵਿਦੇਸ਼ ਵਿੱਚ ਇਸ ਦਿਹਾੜੇ ਸਬੰਧੀ ਵਿਸ਼ੇਸ਼ ਦੀਵਾਨ ਸਜਾਏ ਜਾ ਰਹੇ ਹਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/1948995821245331/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 17 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243





## ਸਾਬਕਾ ਮੰਤਰੀ ਸੰਜੀਵ ਅਰੋੜਾ ਨੂੰ ਹਾਈ ਕੋਰਟ ਤੋਂ ਵੱਡਾ ਝਟਕਾ; ਜ਼ਮਾਨਤ ਪਟੀਸ਼ਨ ਖਾਰਜ

**ਨਵੀਂ ਦਿੱਲੀ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੰਤਰੀ ਸੰਜੀਵ ਅਰੋੜਾ ਦੀ ਮਨੀ ਲਾਂਡਰਿੰਗ ਮਾਮਲੇ ਵਿੱਚ ਸੁਣਵਾਈ ਹੋਈ। ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਅਦਾਲਤ ਵੱਲੋਂ ਖਾਰਜ ਕਰ ਦਿੱਤੀ ਗਈ ਹੈ। ਇਹ ਮਾਮਲਾ ਕਥਿਤ ਤੌਰ 'ਤੇ ਲਗਭਗ 100 ਕਰੋੜ ਰੁਪਏ ਦੀ ਮਨੀ ਲਾਂਡਰਿੰਗ ਨਾਲ ਜੁੜਿਆ ਹੋਇਆ ਹੈ, ਜਿਸ ਦੀ ਜਾਂਚ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਕੀਤੀ ਜਾ ਰਹੀ ਹੈ। ਸੰਜੀਵ ਅਰੋੜਾ ਦੀ ਗ੍ਰਿਫ਼ਤਾਰੀ ਇਸੇ ਮਾਮਲੇ ਦੇ ਸਬੰਧ ਵਿੱਚ ਹੋਈ ਸੀ। ਜ਼ਮਾਨਤ ਪਟੀਸ਼ਨ ਖਾਰਜ ਹੋਣ ਤੋਂ ਬਾਅਦ ਮਾਮਲਾ ਮੁੜ ਚਰਚਾ ਵਿੱਚ ਆ ਗਿਆ ਹੈ। ਹਾਲਾਂਕਿ, ਅਦਾਲਤ ਦੇ ਫ਼ੈਸਲੇ ਦੇ ਵਿਸਤ੍ਰਿਤ ਕਾਰਨਾਂ ਅਤੇ ਅਗਲੀ ਕਾਨੂੰਨੀ ਕਾਰਵਾਈ ਬਾਰੇ ਜਾਣਕਾਰੀ ਸਾਹਮਣੇ ਆਉਣੀ ਅਜੇ ਬਾਕੀ ਹੈ। ਇਸ ਜਾਂਚ ਦਾ ਘੇਰਾ ਸਿਰਫ਼ ਮੰਤਰੀ ਤੱਕ ਸੀਮਤ ਨਹੀਂ ਹੈ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐੱਸਪੀਸੀਐੱਲ) ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਬਸੰਤ ਗਰਗ, ਜੋ ਕਿ ਇੱਕ ਆਈਏਐੱਸ ਅਧਿਕਾਰੀ ਹਨ, ਸਮੇਤ ਹੋਰ ਅਧਿਕਾਰੀਆਂ ਤੋਂ ਵੀ ਹਾਲ ਹੀ ਵਿੱਚ ਪੁੱਛਗਿੱਛ ਕੀਤੀ ਗਈ ਸੀ। ਇਸ ਤੋਂ ਇਲਾਵਾ, ਦਿੱਲੀ ਸਥਿਤ ਈਡੀ ਦੇ ਦਫ਼ਤਰ ਵਿੱਚ ਪੀਐੱਸਪੀਸੀਐੱਲ ਦੀ ਡਾਇਰੈਕਟਰ (ਕਮਰਸ਼ੀਅਲ) ਹਰਸ਼ਰਨ ਕੌਰ ਤਰੇਹਨ ਤੋਂ ਵੀ ਪੁੱਛਗਿੱਛ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਇਸੇ ਮਾਮਲੇ ਵਿੱਚ ਹੇਮੰਤ ਸੂਦ ਅਤੇ ਚੰਦਰ ਸ਼ੇਖਰ ਤੋਂ ਵੀ ਜਾਂਚ ਏਜੰਸੀ ਨੇ ਸਵਾਲ ਕੀਤੇ ਸਨ।

## ਪਰਵਿੰਦਰ ਝੋਟਾ ਕਤਲ ਮਾਮਲੇ 'ਚ ਕੇਂਦਰ ਦੀ ਐਂਟਰੀ

# ਪੰਜਾਬ ਸਰਕਾਰ ਤੋਂ ਲਿਆ ਜਾਵੇਗਾ ਜਵਾਬ !

**ਨਵੀਂ ਦਿੱਲੀ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਪੰਜਾਬ ਵਿੱਚ ਪਰਵਿੰਦਰ ਝੋਟਾ ਦੇ ਕਤਲ ਅਤੇ ਸੰਗਰੂਰ ਵਿੱਚ ਗੁਲਜ਼ਾਰ ਦੀ ਖੁਦਕੁਸ਼ੀ ਦੇ ਮਾਮਲੇ ਸਬੰਧੀ ਪੰਜਾਬ ਸਰਕਾਰ ਤੋਂ ਸਪੱਸ਼ਟੀਕਰਨ ਮੰਗੇਗੀ। ਸੋਸ਼ਲ ਮੀਡੀਆ (ਐਕਸ) 'ਤੇ ਇੱਕ ਪੋਸਟ ਵਿੱਚ, ਸ਼ਾਹ ਨੇ



ਲਿਖਿਆ: ਪੰਜਾਬ ਅੱਜ ਨਸ਼ੇ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਦੇ ਵਧਦੇ ਖ਼ਤਰੇ ਨਾਲ ਜੂਝ ਰਿਹਾ ਹੈ। ਭਗਵੰਤ ਮਾਨ ਸਰਕਾਰ ਦੇ ਸਾਹਮਣੇ ਸਭ ਤੋਂ ਵੱਡਾ ਸਵਾਲ ਹੈ ਕਿ ਆਖ਼ਰ ਪੰਜਾਬ ਦੀ ਜਨਤਾ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਕੌਣ ਨਿਭਾਏਗਾ ? ਦਿੜਬਾ ਵਿੱਚ ਇੱਕ ਪਿਤਾ ਦਾ ਦਬਾਅ ਵਿੱਚ ਜ਼ਿਹਰ ਖਾ ਲੈਣਾ ਅਤੇ ਮਾਨਸਾ ਵਿੱਚ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਦਿਨ-ਦਹਾੜੇ ਹੱਤਿਆ ਨੇ ਪੰਜਾਬ ਦੀ ਕਾਨੂੰਨ-ਵਿਵਸਥਾ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪਰਵਿੰਦਰ ਦੇ ਪਿਤਾ ਨੇ 'ਆਪ' ਸਰਕਾਰ ਅਤੇ ਉਨ੍ਹਾਂ ਦੇ ਵਿਧਾਇਕ 'ਤੇ ਗੰਭੀਰ ਦੋਸ਼ ਲਗਾਏ ਹਨ। ਗ੍ਰਹਿ ਮੰਤਰਾਲਾ ਵੀ ਇਨ੍ਹਾਂ ਦੋਵਾਂ ਘਟਨਾਵਾਂ 'ਤੇ ਪੰਜਾਬ ਸਰਕਾਰ ਤੋਂ ਜਵਾਬ ਮੰਗੇਗਾ। ਪੰਜਾਬ ਵਿੱਚ ਨਸ਼ੇ ਦਾ ਕਾਰੋਬਾਰ ਦਿਨੋਂ-ਦਿਨ ਵਧ ਰਿਹਾ ਹੈ, ਸੰਗਠਿਤ ਅਪਰਾਧ ਦਾ ਖ਼ਤਰਾ ਵਧ ਰਿਹਾ ਹੈ ਅਤੇ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲਿਆਂ ਦੀ ਸੁਰੱਖਿਆ 'ਤੇ ਸਵਾਲ ਖੜ੍ਹੇ ਹੋ ਰਹੇ ਹਨ। ਭਗਵੰਤ ਮਾਨ ਜੀ, ਪੰਜਾਬ ਦੀ ਜਨਤਾ ਨੂੰ ਪ੍ਰਚਾਰ ਨਹੀਂ, ਜਵਾਬ, ਐਲਾਨ ਨਹੀਂ, ਨਤੀਜੇ, ਨਸ਼ੇ ਦੇ ਨੈੱਟਵਰਕ 'ਤੇ ਨਿਰਣਾਇਕ ਪ੍ਰਹਾਰ ਅਤੇ ਅਪਰਾਧੀਆਂ ਨੂੰ ਮਿਲਣ ਵਾਲੀ ਕਿਸੇ ਵੀ ਰਾਜਨੀਤਿਕ ਸਰਪ੍ਰਸਤੀ ਦੀ ਨਿਰਪੱਖ ਜਾਂਚ ਚਾਹੀਦੀ ਹੈ। ਮੈਂ ਅੱਜ ਪੰਜਾਬ ਦੀ ਜਨਤਾ ਦੇ ਸਾਹਮਣੇ ਆਪਣਾ ਸੰਕਲਪ ਦੁਹਰਾਉਂਦਾ ਹਾਂ ਕਿ ਪੰਜਾਬ ਵਿੱਚ ਸਾਡੀ ਸਰਕਾਰ ਬਣਨ 'ਤੇ ਅਸੀਂ ਨਸ਼ਾਮੁਕਤ, ਗੈਂਗਸਟਰਮੁਕਤ ਅਤੇ ਸੁਰੱਖਿਅਤ ਪੰਜਾਬ ਬਣਾਉਣ ਲਈ ਪੂਰੀ ਤਾਕਤ ਨਾਲ ਕੰਮ ਕਰਾਂਗੇ। ਸਾਡਾ ਟੀਚਾ ਸਪੱਸ਼ਟ ਹੈ – ਨਸ਼ੇ ਦੇ ਕਾਰੋਬਾਰ 'ਤੇ ਪ੍ਰਹਾਰ, ਨੌਜਵਾਨਾਂ ਦੇ ਭਵਿੱਖ ਦੀ ਰੱਖਿਆ, ਅਪਰਾਧੀਆਂ 'ਤੇ ਸਖ਼ਤ ਕਾਰਵਾਈ ਅਤੇ ਕਾਨੂੰਨ ਦਾ ਅਜਿਹਾ ਰਾਜ, ਜਿਸ ਵਿੱਚ ਕੋਈ ਵੀ ਨਾਗਰਿਕ ਡਰ ਦੇ ਸਾਏ ਵਿੱਚ ਜਿਊਣ ਲਈ ਮਜਬੂਰ ਨਾ ਹੋਵੇ।

## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਤਨਖਾਹੀਆਂ ਕਰਾਰ ਦਿੱਤਾ

**ਅੰਮ੍ਰਿਤਸਰ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਮਨਵਿੰਦਰ ਸਿੰਘ ਗਿਆਸਪੁਰਾ ਵਿਧਾਇਕ, ਹਲਕਾ ਪਾਇਲ, ਲੁਧਿਆਣਾ ਦਾ ਮਾਮਲਾ ਵਿਚਾਰਿਆ ਗਿਆ। ਮਿਤੀ 12 ਅਕਤੂਬਰ 2026 ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਮ ਆਦਮੀ ਪਾਰਟੀ ਨਾਲ ਸਬੰਧਤ ਕੁਝ ਵਿਧਾਇਕ ਤੇ ਸਿਆਸਤਦਾਨ





ਆਏ ਸਨ, ਜਿਸ ਦੌਰਾਨ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਉਸ ਵੱਲੋਂ ਪਹਿਲਾਂ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਿੱਖ ਸੰਸਥਾਵਾਂ ਬਾਰੇ ਘਟੀਆ ਤੇ ਅਪਮਾਨਜਨਕ ਸ਼ਬਦਾਵਲੀ ਬੋਲਣ ਕਰਕੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਅੰਦਰ ਆਉਣ ਤੋਂ ਸਿੰਘ ਸਾਹਿਬ ਜੀ ਦੇ ਆਦੇਸ਼ ਅਨੁਸਾਰ ਰੋਕਿਆ ਗਿਆ ਸੀ ਅਤੇ ਹਾਜਰ ਹੋਏ ਵਿਧਾਇਕਾਂ ਨੂੰ ਇਸ ਦੀ ਜਾਣਕਾਰੀ ਵੀ ਦਿੱਤੀ ਗਈ ਸੀ। ਪਰ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਗੁਰੂ ਸਾਹਿਬ ਦੇ ਸਿਰਜੇ ਤਖ਼ਤ ਸਾਹਿਬ ਬਾਰੇ ਝੂਠ ਬੋਲਦਿਆਂ ਸ੍ਰੀ ਦਰਬਾਰ ਸਾਹਿਬ ਦੇ ਸੇਵਾਦਾਰਾਂ ਉੱਤੇ ਜਾਤੀ ਵਿਤਕਰੇ ਦੇ ਝੂਠੇ ਦੋਸ਼ ਲਗਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਬਾਰੇ ਅਤਿ ਘਟੀਆ ਸ਼ਬਦਵਾਲੀ ਵਰਤੀ ਗਈ ਜਿਸ ਨਾਲ ਦੁਨੀਆਂ ਵਿਚ ਵਸਦੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਤੇ ਖ਼ਾਲਸਾ ਪੰਥ ਦੇ ਹਿਰਦਿਆਂ ਨੂੰ ਡੂੰਘੀ ਠੇਸ ਪਹੁੰਚੀ ਹੈ।

## ਜੱਥੇਦਾਰ ਗੜਗੱਜ ਨੇ ਮਾਨਸਾ ਵਿੱਖੇ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਸੰਵੇਦਨਾ ਪ੍ਰਗਟ ਕੀਤੀ

# ਭਾਈ ਪਰਵਿੰਦਰ ਸਿੰਘ ਕੌਮ ਦਾ ਸ਼ਹੀਦ: ਜਥੇਦਾਰ ਕੁਲਦੀਪ ਸਿੰਘ ਗੜਗੱਜ

**ਨਵੀਂ ਦਿੱਲੀ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਮਾਨਸਾ ਵਿੱਖੇ ਪੰਜਾਬ ਅੰਦਰ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲ ਭਾਈ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਘਟਨਾ ਉਪਰੰਤ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ

### ਜੱਥੇਦਾਰ ਜੀ ਨੇ ਪਰਵਿੰਦਰ ਸਿੰਘ ਨਮਿਤ ਤੇ ਉਸ ਦੇ ਇਨਸਾਫ਼ ਦੇ ਸੰਘਰਸ਼ ਦੀ ਚੜ੍ਹਦੀਕਲਾ ਲਈ ਕੀਤੀ ਅਰਦਾਸ

ਪੀੜਤ ਪਰਿਵਾਰ ਨੂੰ ਮਿਲਣ ਲਈ ਮਾਨਸਾ ਪਹੁੰਚੇ ਅਤੇ ਉਨ੍ਹਾਂ ਨਾਲ ਸੰਵੇਦਨਾ ਪ੍ਰਗਟ ਕੀਤੀ। ਇਸ ਮੌਕੇ ਉਨ੍ਹਾਂ ਭਾਈ ਪਰਵਿੰਦਰ ਸਿੰਘ ਨੂੰ ਸ਼ਹੀਦ ਦਾ ਦਰਜਾ ਦਿੱਤਾ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ਼ਹੀਦ ਭਾਈ ਪਰਵਿੰਦਰ ਸਿੰਘ ਦੇ ਨਮਿਤ ਅਰਦਾਸ ਕੀਤੀ ਜਿਸ ਵਿੱਚ ਉਨ੍ਹਾਂ ਦੇ ਪਿਤਾ ਭੀਮ ਸਿੰਘ, ਹੋਰ ਪਰਿਵਾਰਕ ਮੈਂਬਰਾਂ ਅਤੇ ਹਾਜ਼ਰ ਸੰਗਤ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਅਰਦਾਸ ਕੀਤੀ ਕਿ ਪੰਜਾਬ ਅੰਦਰ ਜਵਾਨੀ ਨੂੰ ਨਸ਼ਿਆਂ ਦੀ ਓਵਰਡੋਜ਼ ਅਤੇ ਨਸ਼ਿਆਂ ਦਾ ਵਿਰੋਧ ਕਰਨ ਦੇ ਕਰਕੇ ਮਾਰਿਆ ਜਾ ਰਿਹਾ ਹੈ, ਇਸੇ ਹੀ ਸੰਘਰਸ਼ ਵਿੱਚ ਜੱਦੋ-ਜਹਿਦ ਕਰਦਿਆਂ ਭਾਈ ਪਰਵਿੰਦਰ ਸਿੰਘ ਸ਼ਹੀਦ ਹੋ ਗਏ ਹਨ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਨਸ਼ਿਆਂ ਵਿਰੁੱਧ ਜੋ ਸੰਘਰਸ਼ ਭਾਈ ਪਰਵਿੰਦਰ ਸਿੰਘ ਨੇ ਸ਼ੁਰੂ ਕੀਤਾ ਹੈ ਅਤੇ ਹੁਣ ਇਨਸਾਫ਼ ਲਈ ਤੇ ਨਸ਼ਿਆਂ ਦਾ ਲੱਕ ਤੋੜਣ ਲਈ ਜੋ ਪਰਿਵਾਰ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ ਉਸ ਨੂੰ ਚੜ੍ਹਦੀਕਲਾ ਬਖਸ਼ਣ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਵੱਸਣ ਵਾਲੇ ਸਮੂਹ ਹਿੰਦੂ, ਸਿੱਖ, ਮੁਸਲਿਮ ਅਤੇ ਹੋਰ ਭਾਈਚਾਰਿਆਂ ਨੂੰ ਇਕਜੁੱਟ ਹੋ ਕੇ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਦਾ ਬਲ ਅਤੇ ਉਦਮ ਬਖ਼ਿਸ਼ਸ਼ ਕਰਨਾ। ਉਨ੍ਹਾਂ ਅਰਦਾਸ ਕੀਤੀ ਕਿ ਪੰਜਾਬ ਦੀ ਜਵਾਨੀ ਨੂੰ ਕਰਤਾ ਪੁਰਖ ਆਪ ਹੱਥ ਦੇ ਕੇ ਬਚਾਉਣ। ਇਸ ਮੌਕੇ ਜਥੇਦਾਰ ਗੜਗੱਜ ਨੇ ਭਾਈ ਪਰਵਿੰਦਰ ਸਿੰਘ ਦੇ ਦੋਵੇਂ ਪੁੱਤਰਾਂ ਨੂੰ ਪਿਆਰ ਨਾਲ ਗਲਵਕੜੀ ਵਿੱਚ ਲਿਆ ਅਤੇ ਉਨ੍ਹਾਂ ਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣ ਲਈ ਥਾਪੜਾ ਦਿੱਤਾ। ਉਨ੍ਹਾਂ ਸਮੂਹ ਪੰਥ ਤੇ ਪੰਜਾਬ ਨੂੰ ਭਾਈ ਪਰਵਿੰਦਰ ਸਿੰਘ ਦੇ ਪਰਿਵਾਰ ਦਾ ਵੱਧ ਤੋਂ ਵੱਧ ਸਹਿਯੋਗ ਕਰਨ ਦੀ ਅਪੀਲ ਕੀਤੀ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਭਾਈ ਪਰਵਿੰਦਰ



ਸਿੰਘ ਕੌਮ ਦਾ ਸ਼ਹੀਦ ਹੈ ਜਿਸ ਕੋਲ ਜੀਣ ਦਾ ਰਸਤਾ ਸੀ ਪਰ ਉਸ ਨੇ ਫਿਰ ਵੀ ਲੋਕਾਂ ਤੇ ਨੌਜਵਾਨਾਂ ਲਈ ਸੰਘਰਸ਼ ਕਰਦਿਆਂ ਸ਼ਹਾਦਤ ਦਾ ਰਾਹ ਚੁਣਿਆ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਨੂੰ ਨਸ਼ੇ ਦੇ ਸੌਦਾਗਰ ਨੇ ਸ਼ਰੇਆਮ ਸਰਕਾਰੀ ਸ਼ੈਅ 'ਤੇ ਗੋਲੀਆਂ ਮਾਰੀਆਂ। ਉਨ੍ਹਾਂ ਪੁਲਿਸ ਪ੍ਰਸ਼ਾਸਨ ਦੀ ਭਾਈ ਪਰਵਿੰਦਰ ਸਿੰਘ ਵਿਰੁੱਧ ਕਈ ਪਰਚਿਆਂ ਦੀ ਕਾਰਗੁਜ਼ਾਰੀ ਉੱਤੇ ਵੀ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਜਿਹੜੇ ਵੀ ਜਵਾਨ ਨਸ਼ਿਆਂ ਵਿਰੁੱਧ ਅਵਾਜ਼ ਉਠਾ ਰਹੇ ਹਨ ਉਨ੍ਹਾਂ ਨੂੰ ਨਿਸ਼ਾਨਾ ਬਣਾ ਕੇ ਮਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਸ਼ਰੀਰ ਤਾਂ ਮੁਕਾਇਆ ਜਾ ਸਕਦਾ ਹੈ ਪਰ ਸੋਚ ਨਹੀਂ, ਪੰਜਾਬ ਦੇ ਅਣਖੀ ਲੋਕ ਇਸ ਦਾ ਕਰੜਾ ਵਿਰੋਧ ਕਰਨਗੇ। ਉਨ੍ਹਾਂ ਕਿਹਾ ਕਿ ਭਾਈ ਪਰਵਿੰਦਰ ਸਿੰਘ ਦੇ ਇਨਸਾਫ਼ ਲਈ ਬਣੀ ਕਮੇਟੀ ਵੱਲੋਂ ਦਿੱਤੇ ਜਾਣ ਵਾਲੇ ਪ੍ਰੋਗਰਾਮ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰੋੜ੍ਹਤਾ ਕਰਦਾ ਹੈ। ਉਨ੍ਹਾਂ ਪੰਜਾਬ ਕੇ ਮੰਤਰੀ ਵੱਲੋਂ ਇਸ ਮਾਮਲੇ ਨੂੰ ਨਿਜੀ ਰੰਜਿਸ਼ ਦਾ ਮਾਮਲਾ ਕਹਿਣ ਦੀ ਵੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਸ਼ਰਮ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਇਸ ਮਾਮਲੇ ਨੂੰ ਨਿਜੀ ਰੰਜਿਸ਼ ਦੀ ਰੰਗਤ ਦੇ ਕੇ ਭਾਈ ਪਰਵਿੰਦਰ ਸਿੰਘ ਦੇ ਸੰਘਰਸ਼ ਤੇ ਸ਼ਹਾਦਤ ਨੂੰ ਰੋਲਣ ਦੀ ਗੱਲ ਕੀਤੀ ਹੈ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਕੁਝ ਸ਼ਰਾਰਤੀ ਲੋਕ ਇਸ ਘਟਨਾ ਨੂੰ ਪੰਜਾਬ ਅੰਦਰ ਹਿੰਦੂ ਸਿੱਖ ਭਾਈਚਾਰਿਆਂ ਦੀ ਲੜਾਈ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਹਿੰਦੂ ਸਿੱਖ ਦੀ ਲੜਾਈ ਨਹੀਂ ਬਲਕਿ ਇਹ ਪੰਜਾਬ ਅੰਦਰ ਵੱਸਦੇ ਸਮੂਹ ਭਾਈਚਾਰਿਆਂ ਦੀ ਨਸ਼ਿਆਂ ਵਿਰੁੱਧ ਸਾਂਝੀ ਲੜਾਈ ਹੈ। ਉਨ੍ਹਾਂ ਸਰਕਾਰ ਨੂੰ ਕਿਹਾ ਕਿ ਅਜਿਹੇ ਸ਼ਰਾਰਤੀ ਅਨਸਰਾਂ ਦੀ ਪਛਾਣ ਕਰਕੇ ਇਨ੍ਹਾਂ ਨੂੰ ਨੱਥ ਪਾਈ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਅਜਿਹੀ ਫਿਰਕੂ ਸ਼ਰਾਰਤ ਅਤੇ ਧਰੁਵੀਕਰਨ ਕਦੇ ਵੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬੀਤੇ ਕੱਲ੍ਹ ਦੇ ਪੰਜਾਬ ਬੰਦ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਦੇ ਸਮੂਹ ਭਾਈਚਾਰੇ ਇਸ ਸੰਘਰਸ਼ ਵਿੱਚ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਨਸ਼ੇ ਦੀ ਸਮੱਸਿਆ ਜੜ੍ਹਾਂ ਤੋਂ ਖਤਮ ਹੋਣੀ ਚਾਹੀਦੀ ਹੈ ਅਤੇ ਇਹ ਜ਼ਿੰਮੇਵਾਰੀ ਸਰਕਾਰ ਦੀ ਹੈ।

ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਸ ਘਟਨਾ ਵਿੱਚ ਜਿਤਨੇ ਵੀ ਲੋਕ ਜਖਮੀ ਹੋਏ ਹਨ ਉਨ੍ਹਾਂ ਦੇ ਇਲਾਜ ਦਾ ਖਰਚਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਵੀ ਜਲਦ ਹੀ ਇੱਥੇ ਆਉਣਗੇ ਅਤੇ



ਇਸ ਸਬੰਧੀ ਕਾਰਵਾਈ ਯਕੀਨੀ ਬਣਾਉਣਗੇ। ਇਸ ਮੌਕੇ ਜਥੇਦਾਰ ਗੜਗੱਜ ਨਾਲ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਬਠਿੰਡਾ ਤੋਂ ਅਕਾਲੀ ਸਾਂਸਦ ਬੀਬੀ ਹਰਸਿਮਰਤ ਕੌਰ ਬਾਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ ਤੇ ਅਕਾਲੀ ਆਗੂ ਸ. ਤੇਜਿੰਦਰ ਸਿੰਘ ਮਿੱਡੂਖੇੜਾ ਤੇ ਸ. ਪਰਮਬੰਸ ਸਿੰਘ ਰੋਮਾਣਾ ਆਦਿ ਮੌਜੂਦ ਰਹੇ।


ਆਵਾਜ਼ਿ ਕੌਮ
AWAZE QAUM
International Newspaper & WEB TV


ਪੰਜਾਬੀਓ ਜਾਗੋ
ਪੰਜਾਬ ਬਚਾਓ
ਆਪਣੇ ਪੁੱਤ ਨਾ ਮਰਵਾਓ
SIDHU & DELHI
ROYALS
THE BRIKS RESTAURANT
ਪਿਛਲੇ ਦਿਨੀ ਨਸ਼ੇ ਦੇ ਸੌਦਾਗਰਾਂ ਨੇ
ਪੰਜਾਬ ਦੇ ਉਸ ਯੋਧੇ ਦੀ ਜਾਨ ਲੈ ਲਈ
ਜਿਹਦੀ ਹਾਲੇ ਪੰਜਾਬ ਨੂੰ ਬਹੁਤ ਲੋੜ ਸੀ
ਭਾਈ ਪਰਵਿੰਦਰ ਸਿੰਘ ਝੋਟਾ
ਲੋਕਾਂ ਦੇ ਧੀਆਂ ਪੁੱਤਾਂ ਨੂੰ ਨਸ਼ੇ ਤੋਂ ਬਚਾਉਣ ਲਈ
ਆਪਣੀ ਜਾਨ ਨਿਛਾਵਰ ਕਰ ਗਿਆ ਅਤੇ ਆਪਣੇ
ਛੋਟੇ ਛੋਟੇ ਬੱਚਿਆਂ ਨੂੰ ਯਤੀਮ ਬਣਾ ਗਿਆ।
ਉਸ ਯੋਧੇ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਵਾਸਤੇ
ਮੋਮਬੱਤੀਆਂ ਜਗਾ ਕੇ ਇੱਕ
ਸ਼ਰਧਾਂਜਲੀ ਪ੍ਰੋਗਰਾਮ
ਫੋਨਿਕਸ ਪਾਰਕ ਡਡਲੀ ਰੋਡ ਵੂਲਵਹਹੈਪਟਨ ਵਿਖੇ 18 ਅਕਤੂਬਰ 2026
ਦਿਨ ਐਤਵਾਰ ਸ਼ਾਮ 4 ਵਜੇ ਤੋਂ 5:30 ਵਜੇ ਤੱਕ ਕੀਤਾ ਜਾਵੇਗਾ
ਜਿਸ ਵਿੱਚ ਹਰ ਉਸ ਪੰਜਾਬੀ ਨੂੰ ਸ਼ਾਮਿਲ ਹੋਣ ਲਈ ਅਪੀਲ ਕੀਤੀ ਜਾਂਦੀ ਹੈ
ਜਿਹੜਾ ਆਪਣੇ ਪੰਜਾਬ ਅਤੇ ਪੰਜਾਬੀਆਂ ਨੂੰ ਬਚਾਉਣਾ ਚਾਹੁੰਦਾਂ ਹੈ ਅਤੇ
ਨਸ਼ੇ ਦੇ ਸੌਦਾਗਰਾਂ ਨੂੰ ਪੰਜਾਬ ਵਿਚੋਂ ਭਜਾਉਣਾ ਚਾਹੁੰਦਾ ਹੈ
ਅਖੀਰ ਵਿੱਚ ਦੁਬਾਰਾ ਬੇਨਤੀ ਹੈ ਕਿ ਭਾਈ ਪਰਵਿੰਦਰ ਸਿੰਘ ਝੋਟਾ ਨੂੰ
ਮੋਮਬੱਤੀਆਂ ਜਗਾ ਕੇ ਸ਼ਰਧਾਂਜਲੀ ਭੇਟ ਕਰੀਏ ਤੇ ਪੰਜਾਬ ਦੇ ਚੰਗੇ ਭਵਿੱਖ ਦੇ
ਸੰਘਰਸ ਦਾ ਹਿੱਸਾ ਬਣੀਏ।
Phoenix Park,
Dudley Road,
WV2 3JU
18 ਅਕਤੂਬਰ,
ਐਤਵਾਰ
4 ਤੋਂ 5:30
ਭਾਈ ਕਪਤਾਨ ਸਿੰਘ
+44 7788 283485
ਭਾਈ ਪਰਮਜੀਤ ਸਿੰਘ ਢਾਡੀ
+44 7917 353349
ਆਵਾਜ਼ਿ ਕੌਮ
AWAZE QAUM
International Newspaper & WEB TV

### ਜੱਗੀ ਜੌਹਲ ਦੀ ਵਤਨ ਵਾਪਸੀ ਲਈ ਬ੍ਰਿਟਿਸ਼ ਸਰਕਾਰ ਦੀ ਸਿਆਸੀ ਇੱਛਾ ਸ਼ਕਤੀ 'ਤੇ ਸਵਾਲੀਆ ਚਿੰਨ੍ਹ

# ਸੰਸਦ 'ਚ ਵਿਦੇਸ਼ ਮੰਤਰਾਲੇ ਦੇ ਜਵਾਬ ਤੋਂ ਸਿੱਖ ਫੈਡਰੇਸ਼ਨ ਯੂਕੇ ਨਿਰਾਸ਼



**ਲੰਡਨ, ਸਰਬਜੀਤ ਸਿੰਘ ਬਨੂੜ-** ਭਾਰਤ ਵਿੱਚ ਕਰੀਬ ਨੌਂ ਸਾਲਾਂ ਤੋਂ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰ ਰਹੇ ਬ੍ਰਿਟਿਸ਼ ਸਿੱਖ ਨਾਗਰਿਕ ਜਗਤਾਰ ਸਿੰਘ ਜੌਹਲ ਉਰਫ਼ ਜੱਗੀ ਜੌਹਲ ਦੀ ਵਤਨ ਵਾਪਸੀ ਦਾ ਮਾਮਲਾ ਬ੍ਰਿਟਿਸ਼ ਸੰਸਦ ਵਿੱਚ ਹੋਈ ਬਹਿਸ ਤੋਂ ਬਾਅਦ ਮੁੜ ਚਰਚਾ ਦਾ ਵਿਸ਼ਾ ਬਣ ਗਿਆ ਹੈ। ਸਿੱਖ ਫੈਡਰੇਸ਼ਨ ਯੂਕੇ ਨੇ ਵਿਦੇਸ਼ ਮੰਤਰਾਲੇ ਦੇ ਮੰਤਰੀ ਵੱਲੋਂ ਦਿੱਤੇ ਜਵਾਬ 'ਤੇ ਨਿਰਾਸ਼ਾ ਪ੍ਰਗਟ ਕਰਦਿਆਂ ਦੋਸ਼ ਲਾਇਆ ਹੈ ਕਿ ਸੰਸਦ ਮੈਂਬਰਾਂ ਵੱਲੋਂ ਪੁੱਛੇ ਗਏ ਅਹਿਮ ਸਵਾਲਾਂ ਦੇ ਸਪੱਸ਼ਟ ਅਤੇ ਤਸੱਲੀਬਖ਼ਸ਼ ਜਵਾਬ ਨਹੀਂ ਦਿੱਤੇ ਗਏ। ਸਿੱਖ ਫੈਡਰੇਸ਼ਨ ਨੇ ਐਂਡੀ ਬਰਨਹੈਮ ਅਤੇ ਐਡ ਮਿਲੀਬੈਂਡ ਦਾ ਨਾਂ ਲੈਂਦਿਆਂ ਬ੍ਰਿਟਿਸ਼ ਸਰਕਾਰ ਨੂੰ ਇਸ ਮਾਮਲੇ ਵਿੱਚ ਠੋਸ ਕੂਟਨੀਤਕ ਕਾਰਵਾਈ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਜੱਗੀ ਜੌਹਲ ਨੂੰ ਭਾਰਤ ਤੋਂ ਬਰਤਾਨੀਆ ਵਾਪਸ ਲਿਆਉਣ ਲਈ ਹੁਣ ਹੋਰ ਦੇਰੀ ਨਹੀਂ ਹੋਣੀ ਚਾਹੀਦੀ। ਹਾਊਸ ਆਫ਼ ਕਾਮਨਜ਼ ਵਿੱਚ ਹੋਈ ਬਹਿਸ ਦੌਰਾਨ ਡਗਲਸ ਮੈਕਐਲਿਸਟਰ, ਤਨਮਨਜੀਤ ਸਿੰਘ ਢੇਸੀ, ਜ਼ੁਬੀਰ ਅਹਿਮਦ, ਡੀਅਰਡਰੇ ਕੋਸਟੀਗਨ, ਪੈਟ੍ਰੀਸ਼ੀਆ ਫਰਗੂਸਨ, ਐਲਿਸਟਰ ਕਾਰਮਾਈਕਲ, ਜਸ ਅਠਵਾਲ ਅਤੇ ਵਰਿੰਦਰ ਜੱਸ ਵੱਲੋਂ ਜੱਗੀ ਜੌਹਲ ਦੇ ਮਾਮਲੇ ਸਬੰਧੀ ਕਈ ਮਹੱਤਵਪੂਰਨ ਸਵਾਲ ਉਠਾਏ ਗਏ ਸਨ। ਜਥੇਬੰਦੀ ਦਾ ਦੋਸ਼ ਹੈ ਕਿ ਵਿਦੇਸ਼, ਰਾਸ਼ਟਰਮੰਡਲ ਅਤੇ ਵਿਕਾਸ ਦਫ਼ਤਰ (634®) ਦੇ ਮੰਤਰੀ ਨੇ ਇਨ੍ਹਾਂ ਸਵਾਲਾਂ ਦੇ ਸਿੱਧੇ ਜਵਾਬ ਦੇਣ ਦੀ ਬਜਾਏ ਆਮ ਕੂਟਨੀਤਕ ਭਰੋਸਿਆਂ ਤੱਕ ਹੀ ਆਪਣਾ ਜਵਾਬ ਸੀਮਤ ਰੱਖਿਆ। ਸੰਸਦ ਵਿੱਚ ਹੋਈ ਬਹਿਸ ਦੌਰਾਨ ਡਗਲਸ ਮੈਕਐਲਿਸਟਰ ਨੇ ਜੱਗੀ ਜੌਹਲ ਦੀ ਲੰਮੀ ਹਿਰਾਸਤ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ 3,254 ਦਿਨਾਂ ਦੀ ਹਿਰਾਸਤ ਤੋਂ ਬਾਅਦ ਉਸ ਨੂੰ ਜ਼ਮਾਨਤ ਤਾਂ ਮਿਲ ਗਈ ਹੈ, ਪਰ ਉਹ ਅਜੇ ਵੀ ਅੱਠ ਬਕਾਇਆ ਮੁਕੱਦਮਿਆਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਸਕਾਟਲੈਂਡ ਸਥਿਤ ਆਪਣੇ ਘਰ ਵਾਪਸ ਨਹੀਂ ਜਾ ਸਕਦਾ। ਉਨ੍ਹਾਂ ਸੰਯੁਕਤ ਰਾਸ਼ਟਰ ਦੇ ਮਾਹਿਰਾਂ ਵੱਲੋਂ ਜੱਗੀ ਦੀ ਹਿਰਾਸਤ ਅਤੇ ਨਿਆਂ ਪ੍ਰਕਿਰਿਆ ਸਬੰਧੀ ਉਠਾਈਆਂ ਚਿੰਤਾਵਾਂ ਦਾ ਵੀ ਜ਼ਿਕਰ ਕੀਤਾ। ਸਲੋਹ ਤੋਂ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਨੇ ਭਾਰਤੀ ਅਧਿਕਾਰੀਆਂ ਨਾਲ ਹੋਈ ਕੂਟਨੀਤਕ ਗੱਲਬਾਤ ਬਾਰੇ ਜਾਣਕਾਰੀ ਮੰਗੀ। ਐਲਿਸਟਰ ਕਾਰਮਾਈਕਲ ਨੇ ਜੱਗੀ ਨੂੰ ਕੂਟਨੀਤਕ ਸੁਰੱਖਿਆ ਦੇਣ ਦਾ ਮੁੱਦਾ ਉਠਾਇਆ, ਜਦਕਿ ਜਸ ਅਠਵਾਲ ਨੇ ਇਸ ਮਾਮਲੇ ਨੂੰ ਬਰਤਾਨੀਆ ਲਈ ਕੌਮੀ ਸ਼ਰਮਿੰਦਗੀ ਕਰਾਰ ਦਿੰਦਿਆਂ ਸਰਕਾਰ ਤੋਂ ਹੁਣ ਤੱਕ ਚੁੱਕੇ ਗਏ ਠੋਸ ਕਦਮਾਂ ਦਾ ਵੇਰਵਾ ਮੰਗਿਆ। ਵਰਿੰਦਰ ਜੱਸ ਨੇ ਵੀ ਉੱਚ ਪੱਧਰੀ ਕੂਟਨੀਤਕ ਯਤਨਾਂ ਰਾਹੀਂ ਜੱਗੀ ਦੀ ਵਤਨ ਵਾਪਸੀ ਯਕੀਨੀ ਬਣਾਉਣ ਦੀ ਅਪੀਲ ਕੀਤੀ। ਈਲਿੰਗ ਸਾਊਥਾਲ ਤੋਂ ਸੰਸਦ ਮੈਂਬਰ ਡੀਅਰਡਰੇ ਕੋਸਟੀਗਨ ਨੇ ਜੱਗੀ ਜੌਹਲ ਦੇ ਹੱਕ ਵਿੱਚ ਬ੍ਰਿਟਿਸ਼ ਸਿੱਖ ਭਾਈਚਾਰੇ ਵੱਲੋਂ ਲਗਾਤਾਰ ਉਠਾਈ ਜਾ ਰਹੀ ਆਵਾਜ਼ ਦਾ ਜ਼ਿਕਰ ਕੀਤਾ। ਇਸ ਮੌਕੇ ਡਗਲਸ ਮੈਕਐਲਿਸਟਰ ਨੇ ਬ੍ਰਿਟਿਸ਼ ਸਿੱਖ ਭਾਈਚਾਰੇ ਅਤੇ ਸਿੱਖ ਫੈਡਰੇਸ਼ਨ ਯੂਕੇ ਵੱਲੋਂ ਨਿਭਾਈ ਗਈ ਭੂਮਿਕਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ। ਬਹਿਸ ਦੌਰਾਨ ਸੰਸਦ ਮੈਂਬਰਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਬ੍ਰਿਟਿਸ਼ ਵਿਦੇਸ਼ ਮੰਤਰਾਲੇ ਦੇ ਮੰਤਰੀ ਕ੍ਰਿਸ ਐਲਮੋਰ ਨੇ ਜੱਗੀ ਜੌਹਲ ਦੇ ਮਾਮਲੇ ਵਿੱਚ ਸਰਕਾਰ ਵੱਲੋਂ ਕੀਤੇ ਜਾ ਰਹੇ ਕੂਟਨੀਤਕ ਯਤਨਾਂ ਦਾ ਵੇਰਵਾ ਦਿੱਤਾ। ਉਨ੍ਹਾਂ ਭਾਰਤੀ ਅਧਿਕਾਰੀਆਂ ਨਾਲ ਮਾਮਲਾ ਉਠਾਏ ਜਾਣ ਅਤੇ ਜੱਗੀ ਨੂੰ ਦਿੱਤੀ ਜਾ ਰਹੀ ਕੌਂਸਲਰ ਸਹਾਇਤਾ ਦਾ ਜ਼ਿਕਰ ਕੀਤਾ। ਹਾਲਾਂਕਿ ਸਿੱਖ ਫੈਡਰੇਸ਼ਨ ਯੂਕੇ ਨੇ ਮੰਤਰੀ ਦੇ ਜਵਾਬ ਨੂੰ ਨਾਕਾਫ਼ੀ ਦੱਸਦਿਆਂ ਕਿਹਾ ਕਿ ਸੰਸਦ ਮੈਂਬਰਾਂ ਵੱਲੋਂ ਪੁੱਛੇ ਗਏ ਕਈ ਅਹਿਮ ਸਵਾਲ ਅਜੇ ਵੀ ਜਵਾਬ ਦੀ ਉਡੀਕ ਕਰ ਰਹੇ ਹਨ। ਸਿੱਖ ਫੈਡਰੇਸ਼ਨ ਨੇ ਕਿਹਾ ਕਿ ਜੱਗੀ ਜੌਹਲ ਦੀ ਵਤਨ ਵਾਪਸੀ ਲਈ ਵੱਖ-ਵੱਖ ਸਿਆਸੀ ਪਾਰਟੀਆਂ ਦੇ ਸੰਸਦ ਮੈਂਬਰਾਂ ਦਾ ਸਮਰਥਨ ਮੌਜੂਦ ਹੈ ਅਤੇ ਸਰਕਾਰ ਕੋਲ ਭਾਰਤੀ ਅਧਿਕਾਰੀਆਂ ਨਾਲ ਕੂਟਨੀਤਕ ਗੱਲਬਾਤ ਅੱਗੇ ਵਧਾਉਣ ਦੇ ਸਾਧਨ ਵੀ ਹਨ। ਜਥੇਬੰਦੀ ਨੇ ਸਰਕਾਰ ਦੀ ਸਿਆਸੀ ਇੱਛਾ ਸ਼ਕਤੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਹੁਣ ਮੁੱਦਾ ਇਹ ਨਹੀਂ ਰਿਹਾ ਕਿ ਬ੍ਰਿਟਿਸ਼ ਸਰਕਾਰ ਜੱਗੀ ਨੂੰ ਵਾਪਸ ਲਿਆਉਣ ਲਈ ਕਾਰਵਾਈ ਕਰ ਸਕਦੀ ਹੈ ਜਾਂ ਨਹੀਂ, ਸਗੋਂ ਅਸਲ ਸਵਾਲ ਇਹ ਹੈ ਕਿ ਕੀ ਸਰਕਾਰ ਅਜਿਹਾ ਕਰਨ ਦੀ ਸਿਆਸੀ ਇੱਛਾ ਰੱਖਦੀ ਹੈ। ਜਥੇਬੰਦੀ ਨੇ ਸਪੱਸ਼ਟ ਕੀਤਾ ਕਿ ਜੱਗੀ ਜੌਹਲ ਦੀ ਜ਼ਮਾਨਤ ਨੂੰ ਮਾਮਲੇ ਦਾ ਅੰਤ ਨਹੀਂ ਮੰਨਿਆ ਜਾ ਸਕਦਾ। ਉਸ ਦੀ ਸੁਰੱਖਿਅਤ ਬਰਤਾਨੀਆ ਵਾਪਸੀ ਲਈ ਕਾਨੂੰਨੀ ਅਤੇ ਕੂਟਨੀਤਕ ਪੱਧਰ 'ਤੇ ਯਤਨ ਜਾਰੀ ਰੱਖਣ ਦੀ ਲੋੜ ਹੈ। ਸਿੱਖ ਫੈਡਰੇਸ਼ਨ ਨੇ ਬ੍ਰਿਟਿਸ਼ ਸਰਕਾਰ ਤੋਂ ਮੰਗ ਕੀਤੀ ਕਿ ਭਾਰਤ ਨਾਲ ਉੱਚ ਪੱਧਰੀ ਗੱਲਬਾਤ ਕਰਕੇ ਜੱਗੀ ਜੌਹਲ ਦੀ ਸਕਾਟਲੈਂਡ ਵਾਪਸੀ ਲਈ ਵਿਹਾਰਕ ਹੱਲ ਕੱਢਿਆ ਜਾਵੇ।

**ਨੌਂ ਸਾਲਾਂ ਬਾਅਦ ਵੀ ਜੱਗੀ ਜੌਹਲ ਦੀ ਘਰ ਵਾਪਸੀ ਨਾ ਹੋਣ 'ਤੇ ਚਿੰਤਾ, ਅੱਠ ਸੰਸਦ ਮੈਂਬਰਾਂ ਵੱਲੋਂ ਉਠਾਏ ਸਵਾਲਾਂ ਦੇ ਜਵਾਬ ਮੰਗੇ**

ਆਵਾਜ਼ਿ ਕੌਮ AWAZE QAUM
International Newspaper & WEB TV

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ





Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

SANDWELL

# NAGAR KIRTAN

## ਨਗਰ ਕੀਰਤਨ

DHAN DHAN SRI GURU NANAK DEV JI
PARKASH PURAB



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰਮਮਿਚ | ਅਰੰਭਤਾ: ੯:੦੦ ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰਮਮਿਚ | ੧੧:੦੦ ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:੦੦ ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:੦੦ ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ ਰੋਡ, ਸਮੈਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੈਦਿਕ | ੪:੦੦ ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ
AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM
International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar


ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:- 25, ਅਤੇ 26 ਅਕਤੂਬਰ ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਦੀਵਾਨ
27 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖੜਗ)
ਬਾਬਾ ਬਲਜੀਤ ਸਿੰਘ ਜੀ (ਫੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ


7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ 23 ਅਕਤੂਬਰ 2026 ਸਵੇਰੇ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ 25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਟੁੱਟ ਵਰਤੇਗਾ
ਖੂਨਦਾਨ ਕੈਂਪ 23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ 5 ਦਿਨ
DARVESH TV LIVE ON
ਸੰਪਰਕ :- 62845-76824 94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ ਸੰਤ ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ





## ਸਰਦਾਰ ਕੁਲਵਿੰਦਰ ਸਿੰਘ ਦੇ ਹੱਕ 'ਚ ਉਠੀ ਲਲਕਾਰ

# ਦਿੱਲੀ ਕਮੇਟੀ ਪ੍ਰਬੰਧ 'ਚ ਤਬਦੀਲੀ ਦਾ ਵੱਜਿਆ ਬਿਗਲ

### ਗੁਰਦੁਆਰਾ ਬੰਗਲਾ ਸਾਹਿਬ ਵਿਵਾਦ ਤੇ ਸਕੂਲ-ਕਾਲਜਾਂ ਦੀ ਬਰਬਾਦੀ 'ਤੇ ਘੇਰੇ ਮੌਜੂਦਾ ਪ੍ਰਬੰਧਕ, ਵਾਰਡ ਨੰਬਰ 44 ਦੇ ਵੱਡੇ ਇਕੱਠ ਨੇ ਦਿੱਲੀ 'ਚ ਹਿਲਾਈਆਂ ਸਿਆਸੀ ਨੀਹਾਂ

**ਨਵੀਂ ਦਿੱਲੀ 16 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਦੇ ਜਮਨਾਪਾਰ ਇਲਾਕੇ ਦੇ ਗੀਤਾ ਕਲੋਨੀ ਵਿਖੇ ਬੀਤੀ ਰਾਤ ਸ਼੍ਰੋਮਣੀ ਅਕਾਲੀ ਦਲ ਦੇ ਵਾਰਡ ਨੰਬਰ 44 ਤੋਂ ਸੰਭਾਵਿਤ ਚੋਣ ਉਮੀਦਵਾਰ ਸਰਦਾਰ ਕੁਲਵਿੰਦਰ ਸਿੰਘ ਦੇ ਹੱਕ ਵਿੱਚ ਹੋਏ ਵਿਸ਼ਾਲ ਇਕੱਠ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਦੀ ਨੀਂਦ ਹਰਾਮ ਕਰ ਦਿੱਤੀ ਹੈ। ਇਸ ਵੱਡੇ ਇੱਕੱਠ ਦੌਰਾਨ ਆਗੂਆਂ ਨੇ ਦਿੱਲੀ ਕਮੇਟੀ ਦੀ ਮੌਜੂਦਾ ਕਾਰਜਸ਼ੈਲੀ ਨੂੰ ਲੈ ਕੇ ਤਿੱਖੇ ਹਮਲੇ ਕੀਤੇ ਅਤੇ ਪ੍ਰਬੰਧਕਾਂ ਨੂੰ ਘੇਰਦਿਆਂ ਸਵਾਲਾਂ ਦੇ ਕਟਹਿਰੇ ਵਿੱਚ ਖੜ੍ਹਾ ਕੀਤਾ। ਇਸ ਮੌਕੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਗੁਰਦੁਆਰਾ ਬੰਗਲਾ ਸਾਹਿਬ ਮਾਮਲੇ ਨੂੰ ਲੈ ਕੇ ਪ੍ਰਬੰਧਕਾਂ 'ਤੇ ਗਰਮਾ-ਗਰਮ ਪ੍ਰਹਾਰ ਕਰਦਿਆਂ ਆਖਿਆ ਕਿ ਮੌਜੂਦਾ ਪ੍ਰਬੰਧਕਾਂ ਦੀ ਮਾਨਸਿਕਤਾ ਪੰਥ ਵਿਰੋਧੀ ਹੋ ਚੁੱਕੀ ਹੈ। ਉਨ੍ਹਾਂ ਸਖ਼ਤ ਲਹਿਜੇ ਵਿੱਚ ਸਵਾਲ ਕੀਤਾ ਕਿ ਇਹ ਕਿਹੋ ਜਿਹਾ ਨਿਆਂ ਹੈ ਕਿ ਗੁਰੂ ਘਰ ਮੱਥਾ ਟੇਕਣ ਅਤੇ ਲੰਗਰ ਛਕਣ ਆਉਣ ਵਾਲੇ ਲੋਕਾਂ ਨੂੰ 'ਕ੍ਰਿਮੀਨਲ ਟ੍ਰੈਸਪਾਸਰ' ਯਾਨੀ ਅਪਰਾਧੀ ਗਰਦਾਨਿਆ ਜਾ ਰਿਹਾ ਹੈ ? ਕੀ ਗੁਰੂ ਘਰ ਆਉਣ ਵਾਲਾ ਹਰ ਸ਼ਖ਼ਸ ਅਪਰਾਧੀ ਹੈ ? ਉਨ੍ਹਾਂ ਕਿਹਾ ਕਿ ਕਮੇਟੀ ਅਧੀਨ ਚੱਲ ਰਹੇ ਸਕੂਲ ਅਤੇ ਕਾਲਜ ਤਬਾਹੀ ਦੇ ਕੰਢੇ ਪਹੁੰਚ ਚੁੱਕੇ ਹਨ, ਤਿੰਨ ਕਾਲਜ ਬੰਦ ਹੋ ਚੁੱਕੇ ਹਨ ਅਤੇ ਵਿਦਿਆਰਥੀਆਂ ਦੀ ਗਿਣਤੀ ਲਗਾਤਾਰ ਘਟ ਰਹੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਹੁਣ ਸਮਾਂ ਆ ਗਿਆ ਹੈ ਕਿ ਮੌਜੂਦਾ ਨਿਜ਼ਾਮ ਤੋਂ ਖਹਿੜਾ ਛੁਡਾ ਕੇ ਪੰਥਕ ਸਰਮਾਏ ਨੂੰ ਬਚਾਇਆ ਜਾਵੇ ਅਤੇ



ਸਰਦਾਰ ਕੁਲਵਿੰਦਰ ਸਿੰਘ ਵਰਗੇ ਸੂਝਵਾਨ ਤੇ ਦੂਰਅੰਦੇਸ਼ ਆਗੂਆਂ ਨੂੰ ਮੋਹਰੀ ਹੋ ਕੇ ਅੱਗੇ ਲਿਆਂਦਾ ਜਾਵੇ। ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਸਾਬਕਾ ਚੇਅਰਮੈਨ ਰਹੇ ਸਰਦਾਰ ਕੁਲਵਿੰਦਰ ਸਿੰਘ, ਜਿਨ੍ਹਾਂ ਨੇ ਮੌਜੂਦਾ ਕਮੇਟੀ ਪ੍ਰਬੰਧਕਾਂ ਦੀਆਂ ਧੱਕੇਸ਼ਾਹੀਆਂ ਅਤੇ ਆਪਹੁਦਰੀਆਂ ਤੋਂ ਤੰਗ ਆ ਕੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜਿਆ ਹੈ, ਨੇ ਇਸ ਭਾਰੀ ਇਕੱਠ ਵਿੱਚ ਪਹੁੰਚੀਆਂ ਸੰਗਤਾਂ ਅਤੇ ਇਲਾਕੇ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੰਗਤ ਦਾ ਇਹ ਭਾਰੀ ਉਤਸ਼ਾਹ ਮੌਜੂਦਾ ਦਿੱਲੀ ਕਮੇਟੀ ਪ੍ਰਬੰਧਕਾਂ ਦੇ ਤਾਬੂਤ ਵਿੱਚ ਆਖਰੀ ਕਿੱਲ ਸਾਬਤ ਹੋਵੇਗਾ ਅਤੇ ਪੰਥਕ ਵਿਰੋਧੀ ਤਾਕਤਾਂ ਨੂੰ ਮੂੰਹ ਦੀ ਖਾਣੀ ਪਵੇਗੀ। ਇਸ ਮੌਕੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਮਨਜੀਤ ਸਿੰਘ ਜੀਕੇ ਨੇ ਵੀ ਪ੍ਰਬੰਧਕਾਂ ਨੂੰ ਆੜ੍ਹੇ ਹੱਥੀਂ ਲੈਂਦਿਆਂ ਆਪਣੇ ਪਿਤਾ ਜਥੇਦਾਰ ਸੰਤੋਖ ਸਿੰਘ ਵੱਲੋਂ ਪੰਥ ਲਈ ਦਿੱਤੀਆਂ ਗਈਆਂ ਕੁਰਬਾਨੀਆਂ ਨੂੰ ਯਾਦ ਕਰਵਾਇਆ ਅਤੇ ਕਿਹਾ ਕਿ ਵੱਡੀਆਂ ਜਦੋ-ਜਹਿਦਾਂ ਤੇ ਸਰਕਾਰਾਂ ਨਾਲ ਟੱਕਰ ਲੈ ਕੇ ਇਹ ਪੰਥਕ ਸਰਮਾਇਆ ਹੋਂਦ ਵਿੱਚ ਆਇਆ ਸੀ, ਜਿਸ ਨੂੰ ਅੱਜ ਮੌਜੂਦਾ ਨਲਾਇਕ ਪ੍ਰਬੰਧਕ ਆਪਣੇ ਨਿੱਜੀ ਹਿੱਤਾਂ ਲਈ ਬਰਬਾਦ ਕਰ ਰਹੇ ਹਨ। ਸਮਾਗਮ ਦੌਰਾਨ ਕਮੇਟੀ ਮੈਂਬਰ ਤਜਿੰਦਰ ਸਿੰਘ ਗੋਪਾ, ਪਰਮਜੀਤ ਸਿੰਘ ਖੁਰਾਣਾ, ਸਤਨਾਮ ਸਿੰਘ ਖੀਵਾ ਅਤੇ ਐਸਜੀਪੀਸੀ ਸਿੱਖ ਮਿਸ਼ਨ ਦੇ ਭਾਈ ਜਸਵਿੰਦਰ ਸਿੰਘ ਲੌਂਗੋਵਾਲ ਸਮੇਤ ਵੱਡੀ ਗਿਣਤੀ ਵਿੱਚ ਪੰਥਕ ਆਗੂ ਅਤੇ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)


ਸ਼੍ਰੀਮਾਨ ਸੰਤ ਬਾਬਾ ਹਜ਼ਾਰਾ ਸਿੰਘ ਸਾਹਿਬ ਜੀ ਛੋਟੇ ਘੁੰਮਣਾਂ

# ਸਲਾਨਾ ਬਰਸੀ

## ਛੋਟੇ ਘੁੰਮਣਾਂ ਗੁਰਦਾਸਪੁਰ

**ਸਲਾਨਾ ਬਰਸੀ : ਬ੍ਰਹਮ ਗਿਆਨੀ ਸ਼੍ਰੀ ਮਾਨ ਸੰਤ ਬਾਬਾ ਹਜ਼ਾਰਾ ਸਿੰਘ ਸਾਹਿਬ ਜੀ ਛੋਟੇ ਘੁੰਮਣਾਂ ਗੁਰਦਾਸਪੁਰ ਵਾਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।**

ਸ਼ਨਿੱਚਰਵਾਰ 17 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। 16 ਅਕਤੂਬਰ ਸ਼ੁੱਕਰਵਾਰ 10:30 ਵਜੇ 2 ਸ਼੍ਰੀ ਅਖੰਡ ਪਾਠਾਂ ਸਾਹਿਬਾਂ ਜੀ ਅਰੰਭਤਾ ਹੋਵੇਗੀ ਅਤੇ ਐਤਵਾਰ 10:30 ਭੋਗ ਪੈਣਗੇ।

ਹਰ ਐਤਵਾਰ 18 ਅਕਤੂਬਰ 2026 ਨੂੰ 6:30 ਵਜੇ ਸਵੇਰੇ ਚੌਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 11:00 ਤੋਂ 1:00 ਵਜੇ ਤੱਕ ਦੀਵਾਨ ਸੱਜਣਗੇ।

☛ ਸ਼੍ਰੀ ਅਖੰਡ ਪਾਠ ਦੀ ਸੇਵਾ ਗੁਰਸਿੱਖ ਪ੍ਰਵਾਰ ਭਾਈ ਸਤਨਾਮ ਸਿੰਘ ਲੋਧੀ ਵੱਲੋ ਲਈ ਗਈ ਹੈ। ☛ ਦੂਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਗੁਰਸਿੱਖ ਪ੍ਰਵਾਰ ਡਾਂ ਭਾਈ ਸਤਿੰਦਰ ਸਿੰਘ ਕਾਜਲਮੋਰਨੋ ਵੱਲੋਂ ਲਈ ਗਈ ਹੈ।


ਇੰਟਰਨੈਸ਼ਨਲ ਗੋਲਡਮੈਲਿਸਟ ਸ਼੍ਰੀ ਅਕਾਲ ਤਖ਼ਤ ਸਾਹਿਬ ਹਜ਼ੂਰੀ ਪੰਥਕ ਢਾਡੀ ਜੱਥਾ ਹਰਪਾਲ ਸਿੰਘ ਢੰਡ

ਇੰਟਰਨੈਸ਼ਨਲ ਢਾਡੀ ਜਥਾ ਗਿਆਨੀ ਹਰਪਾਲ ਸਿੰਘ ਢੰਡ ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹਿੰਚੇ ਹਨ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ । ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

### ਮਾਚਿਸ ਨੂੰ ਸੱਦਾ ਤਾਂ ਨਹੀਂ ਦੇ ਰਹੀ ਪੰਜਾਬ ਸਰਕਾਰ !

# 'ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਦਾ ਪੜਚੋਲਵਾਂ ਲੇਖਾ-ਜੋਖਾ'



**ਪੰਜਾਬ** ਵਿੱਚ ਬਦਲਾਅ, ਭ੍ਰਿਸ਼ਟਾਚਾਰ-ਮੁਕਤ ਸ਼ਾਸਨ ਅਤੇ ਨਸ਼ਾ-ਮੁਕਤ ਸਮਾਜ ਦੇ ਵਾਅਦਿਆਂ ਨਾਲ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਅੱਜ ਆਪਣੇ ਹੀ ਦਾਅਵਿਆਂ ਦੇ ਕਟਹਿਰੇ ਵਿੱਚ ਖੜ੍ਹੀ ਹੈ। ਕਿਸਾਨਾਂ ਨਾਲ ਵਾਅਦਾ-ਖ਼ਿਲਾਫ਼ੀ, ਨਸ਼ਿਆਂ ਦੀ ਸਮੱਸਿਆ, ਗੈਂਗਸਟਰਵਾਦ, ਫਿਰੌਤੀਆਂ, ਦਿਨ-ਦਿਹਾੜੇ ਕਤਲਾਂ ਅਤੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਇਹ ਸਿਰਫ਼ ਵਿਰੋਧੀ ਧਿਰ ਦੀ ਸਿਆਸੀ ਆਲੋਚਨਾ ਨਹੀਂ, ਸਗੋਂ ਪੰਜਾਬ ਦੇ ਭਵਿੱਖ, ਲੋਕਾਂ ਦੀ ਸੁਰੱਖਿਆ ਅਤੇ ਸਰਕਾਰ ਦੀ ਜਵਾਬਦੇਹੀ ਨਾਲ ਜੁੜੇ ਬੁਨਿਆਦੀ ਸਵਾਲ ਹਨ।

ਸਰਕਾਰ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਬਿਆਨਾਂ ਜਾਂ ਇਸ਼ਿਤਹਾਰਾਂ ਨਾਲ ਨਹੀਂ, ਸਗੋਂ ਜ਼ਮੀਨੀ ਹਕੀਕਤਾਂ ਅਤੇ ਲੋਕਾਂ ਦੇ ਤਜਰਬਿਆਂ ਨਾਲ ਹੁੰਦਾ ਹੈ। ਜਿਨ੍ਹਾਂ ਉਮੀਦਾਂ ਦੇ ਸਹਾਰੇ 'ਆਪ' ਸੱਤਾ ਵਿੱਚ ਆਈ ਸੀ, ਉਨ੍ਹਾਂ 'ਤੇ ਖਰਾ ਉਤਰਨ ਲਈ ਸਰਕਾਰ ਨੂੰ ਅਜੇ ਬਹੁਤ ਕੁਝ ਕਰਨਾ ਬਾਕੀ ਹੈ। ਪਰ ਸਵਾਲ ਇਹ ਹੈ ਕਿ ਕੀ ਹੁਣ ਸਰਕਾਰ ਕੋਲ ਆਪਣੀ ਕਾਰਗੁਜ਼ਾਰੀ ਸੁਧਾਰਨ ਲਈ ਸਮਾਂ ਬਚਿਆ ਵੀ ਹੈ ?

ਨਸ਼ਿਆਂ ਵਿਰੁੱਧ ਜੰਗ ਦੇ ਦਾਅਵੇ ਅਤੇ ਹਕੀਕਤ 'ਚ ਫਾਸਲਾ ਗਹਿਰਾ ਹੋ ਚੁਕਾ ਹੈ। ਅੱਜ ਪੰਜਾਬ ਦੀ ਸਭ ਤੋਂ ਗੰਭੀਰ ਚਿੰਤਾ ਨਸ਼ਿਆਂ ਦਾ ਫੈਲਾਅ ਅਤੇ ਇਸ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਹੈ। ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਨੇ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਅਤੇ ਪੁਲਿਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਨਸ਼ਿਆਂ ਦੇ ਮੁੱਦੇ 'ਤੇ ਆਵਾਜ਼ ਉਠਾਉਣ ਵਾਲੇ ਦਲਿਤ ਪਿਤਾ ਗੁਲਜ਼ਾਰ ਸਿੰਘ ਦੀ ਖ਼ੁਦਕੁਸ਼ੀ ਅਤੇ ਨਸ਼ਾ ਵਿਰੋਧੀ ਕਾਰਕੁਨ ਮੋਹਨਜੀਤ ਸਿੰਘ ਸੇਰੋਂ ਨਾਲ ਪੁਲਿਸ ਤਸ਼ੱਦਦ ਦੇ ਮਾਮਲੇ ਵੀ ਚਿੰਤਾ ਵਧਾਉਂਦੇ ਹਨ। ਇਨ੍ਹਾਂ ਸਾਰੇ ਮਾਮਲਿਆਂ ਦੀ ਨਿਰਪੱਖ ਜਾਂਚ ਅਤੇ ਪੀੜਤਾਂ ਨੂੰ ਇਨਸਾਫ਼ ਮਿਲਣਾ ਲਾਜ਼ਮੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਜਦੋਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਹੀ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਤ ਹੋਣ, ਤਾਂ ਨਸ਼ਾ-ਮੁਕਤ ਪੰਜਾਬ ਦੇ ਦਾਅਵਿਆਂ ਦੀ ਸਮੀਖਿਆ ਹੋਣੀ ਸੁਭਾਵਿਕ ਹੈ। ਪੰਜਾਬ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ ਸਿਰਫ਼ ਐਲਾਨਾਂ ਦੀ ਨਹੀਂ, ਸਗੋਂ ਤਸਕਰੀ ਦੇ ਨੈੱਟਵਰਕ ਤੋੜਨ, ਵੱਡੇ ਤਸਕਰਾਂ ਵਿਰੁੱਧ ਨਿਰਣਾਇਕ ਕਾਰਵਾਈ ਕਰਨ ਅਤੇ ਨਸ਼ਾ ਪੀੜਤਾਂ ਦੇ ਇਲਾਜ ਤੇ ਮੁੜ-ਵਸੇਬੇ ਦੀ ਲੋੜ ਹੈ।

ਗੈਂਗਸਟਰਵਾਦ ਦਾ ਬੇਰੋਕ ਵਾਧਾ ਕਾਨੂੰਨ-ਵਿਵਸਥਾ ਦੀ ਹਾਲਤ ਨੂੰ ਹੋਰ ਚਿੰਤਾਜਨਕ ਬਣਾਉਂਦਾ ਹੈ। ਸਿੱਧੂ ਮੂਸੇਵਾਲਾ ਅਤੇ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆਂ ਦੇ ਕਤਲਾਂ ਤੋਂ ਲੈ ਕੇ ਸਿਆਸੀ ਆਗੂਆਂ, ਸਰਪੰਚਾਂ, ਪੁਲਿਸ ਮੁਲਾਜ਼ਮਾਂ ਅਤੇ ਕਾਰੋਬਾਰੀਆਂ 'ਤੇ ਹੋਏ ਜਾਨਲੇਵਾ ਹਮਲਿਆਂ ਤੱਕ, ਅਪਰਾਧਿਕ ਘਟਨਾਵਾਂ ਨੇ ਲੋਕਾਂ ਵਿੱਚ ਅਸੁਰੱਖਿਆ ਤੇ ਖੌਫ ਦੀ ਭਾਵਨਾ ਪੈਦਾ ਕੀਤੀ ਹੈ। ਪੰਜਾਬ ਪੁਲਿਸ ਦੇ ਇੰਟੈਲੀਜੈਂਸ ਹੈੱਡਕੁਆਰਟਰ ਅਤੇ ਸਰਹਾਲੀ ਪੁਲਿਸ ਥਾਣੇ 'ਤੇ ਰਾਕਟ-ਪ੍ਰੋਪੈਲਡ ਗ੍ਰਨੇਡ ਹਮਲਿਆਂ ਸਮੇਤ ਹੋਰ ਪੁਲਿਸ ਠਿਕਾਣਿਆਂ 'ਤੇ ਹੋਏ ਹਮਲਿਆਂ ਨੇ ਸੂਬੇ ਦੀ ਅੰਦਰੂਨੀ ਸੁਰੱਖਿਆ ਬਾਰੇ ਵੀ ਗੰਭੀਰ ਸਵਾਲ ਖੜ੍ਹੇ ਕੀਤੇ ਸਨ।

ਫਿਰੌਤੀ ਦੀਆਂ ਧਮਕੀਆਂ ਕਾਰਨ ਵਪਾਰੀਆਂ ਅਤੇ ਉਦਯੋਗਪਤੀਆਂ ਵਿੱਚ ਡਰ ਦਾ ਮਾਹੌਲ ਪੈਦਾ ਹੋਣਾ ਪੰਜਾਬ ਦੀ ਆਰਥਿਕਤਾ ਲਈ ਵੀ ਨੁਕਸਾਨਦੇਹ ਹੈ। ਜਿਸ ਸੂਬੇ ਨੂੰ ਨਿਵੇਸ਼, ਉਦਯੋਗ ਅਤੇ ਰੁਜ਼ਗਾਰ ਦੀ ਲੋੜ ਹੈ, ਉੱਥੇ ਕਾਰੋਬਾਰੀਆਂ ਨੂੰ ਆਪਣੀ ਜਾਨ-ਮਾਲ ਦੀ ਸੁਰੱਖਿਆ ਲਈ ਚਿੰਤਤ ਹੋਣਾ ਪਵੇ, ਤਾਂ ਇਹ ਸਰਕਾਰ ਲਈ ਚੇਤਾਵਨੀ ਹੈ। ਗੈਂਗਸਟਰਾਂ, ਉਨ੍ਹਾਂ ਦੇ ਸਹਿਯੋਗੀਆਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੇ ਨੈੱਟਵਰਕ ਵਿਰੁੱਧ ਸਖ਼ਤ ਕਾਰਵਾਈ ਕਰਨਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ।

ਜੇਲ੍ਹਾਂ ਵਿੱਚੋਂ ਨਸ਼ੀਲੇ ਪਦਾਰਥਾਂ, ਮੋਬਾਈਲ ਫ਼ੋਨਾਂ ਅਤੇ ਹਥਿਆਰਾਂ ਦੀ ਬਰਾਮਦਗੀ ਅਤੇ ਜੇਲ੍ਹਾਂ ਵਿੱਚ ਬੰਦ ਗੈਂਗਸਟਰਾਂ ਦੀਆਂ ਇੰਟਰਵਿਊਆਂ ਸਾਹਮਣੇ ਆਉਣਾ ਵੀ ਸਰਕਾਰ ਤੇ ਜੇਲ੍ਹ ਪ੍ਰਬੰਧਨ 'ਤੇ ਸਵਾਲ ਖੜ੍ਹੇ ਕਰਦਾ ਹੈ। ਪੁਲਿਸ ਅਤੇ ਜੇਲ੍ਹ ਪ੍ਰਸ਼ਾਸਨ ਵਿੱਚ ਕਥਿਤ ਮਿਲੀਭੁਗਤ ਦੇ ਮਾਮਲਿਆਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਜੇਲ੍ਹਾਂ ਅਪਰਾਧੀਆਂ ਲਈ ਅਪਰਾਧ ਚਲਾਉਣ ਦੇ ਕੇਂਦਰ ਨਹੀਂ ਬਣ ਸਕਦੀਆਂ।

ਇਕ ਵਡਾ ਸਵਾਲ ਭ੍ਰਿਸ਼ਟਾਚਾਰ-ਮੁਕਤ ਪੰਜਾਬ ਦਾ ਵਾਅਦਾ ਕਿੱਥੇ ਗਿਆ ? 'ਆਪ' ਨੇ ਭ੍ਰਿਸ਼ਟਾਚਾਰ ਖ਼ਤਮ ਕਰਨ ਨੂੰ ਆਪਣੀ ਸਿਆਸਤ ਦਾ ਮੁੱਖ ਆਧਾਰ ਬਣਾਇਆ ਸੀ। ਪਰ ਸਰਕਾਰ ਦੇ ਕਾਰਜਕਾਲ ਦੌਰਾਨ ਮੰਤਰੀਆਂ, ਆਗੂਆਂ ਅਤੇ ਪ੍ਰਸ਼ਾਸਕੀ ਅਧਿਕਾਰੀਆਂ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਵਿੱਚ ਲੱਗੇ ਦੋਸ਼ਾਂ ਨੇ ਸਰਕਾਰ ਦੀ ਨੈਤਿਕਤਾ ਅਤੇ ਜਵਾਬਦੇਹੀ 'ਤੇ ਸਵਾਲ ਖੜ੍ਹੇ ਕੀਤੇ ਹਨ। ਵਿਜੇ ਸਿੰਗਲਾ, ਅਮਿਤ ਰਤਨ ਕੋਟਫੱਤਾ, ਫੌਜਾ ਸਿੰਘ ਸਰਾਰੀ, ਲਾਲਜੀਤ ਸਿੰਘ ਭੁੱਲਰ, ਰਮਨ ਅਰੋੜਾ ਅਤੇ ਜਸਵੰਤ ਸਿੰਘ ਗੱਜਣਮਾਜਰਾ ਨਾਲ ਜੁੜੇ ਵਿਵਾਦਾਂ ਸਮੇਤ ਕਈ ਮਾਮਲਿਆਂ ਵਿੱਚ ਲੋਕ ਪਾਰਦਰਸ਼ੀ ਜਵਾਬ ਮੰਗਦੇ ਹਨ। ਦੋਸ਼ਾਂ ਅਤੇ ਸਾਬਤ ਹੋਏ ਅਪਰਾਧਾਂ ਵਿਚਲਾ ਫ਼ਰਕ ਕਾਇਮ ਰੱਖਦਿਆਂ, ਹਰ ਮਾਮਲੇ ਦੀ ਨਿਰਪੱਖ ਜਾਂਚ ਅਤੇ ਕਾਨੂੰਨ ਅਨੁਸਾਰ ਕਾਰਵਾਈ ਹੋਣੀ ਚਾਹੀਦੀ ਹੈ।

ਮੁੱਖ ਮੰਤਰੀ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਨਾਲ ਸਬੰਧਤ ਬਦਲੀਆਂ ਅਤੇ ਟੈਂਡਰਾਂ ਵਿੱਚ ਕਥਿਤ ਰਿਸ਼ਵਤਖ਼ੋਰੀ ਦੇ ਮਾਮਲੇ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ ਸੀਬੀਆਈ ਜਾਂਚ ਅਤੇ ਤਲਾਸ਼ੀਆਂ ਨੇ ਸਰਕਾਰ ਦੀ ਨੀਂਦ ਉਡਾਈ ਹੋਈ ਹੈ। ਇਸੇ ਤਰ੍ਹਾਂ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਸਟੇਡੀਅਮਾਂ ਲਈ ਜ਼ਮੀਨ ਦੀ ਖ਼ਰੀਦ ਨਾਲ ਸਬੰਧਤ ਕਥਿਤ ਵਿੱਤੀ ਬੇਨਿਯਮੀਆਂ ਦੀ ਵੀ ਨਿਰਪੱਖ ਜਾਂਚ ਤੇ ਸਵਾਲਾਂ ਦੇ ਘੇਰੇ 'ਚ ਹਨ ।

ਗਮਾਡਾ ਦੀਆਂ ਜ਼ਮੀਨੀ ਨਿਲਾਮੀਆਂ, ਰਾਖਵੀਆਂ ਕੀਮਤਾਂ ਅਤੇ ਜ਼ਮੀਨ ਦੀ ਵੰਡ ਵਿੱਚ ਕਥਿਤ ਬੇਨਿਯਮੀਆਂ ਦੇ ਦੋਸ਼ ਵੀ ਗੰਭੀਰ ਹਨ। ਸਰਕਾਰੀ ਜ਼ਮੀਨ ਕਿਸੇ ਸਰਕਾਰ ਜਾਂ ਸਿਆਸੀ ਪਾਰਟੀ ਦੀ ਨਿੱਜੀ ਜਾਇਦਾਦ ਨਹੀਂ, ਸਗੋਂ ਲੋਕਾਂ ਦੀ ਸਾਂਝੀ ਸੰਪਤੀ ਹੈ। ਜੇਕਰ ਕਿਸੇ ਵੀ ਪੱਧਰ 'ਤੇ ਹੇਰਾਫੇਰੀ ਹੋਈ ਹੈ, ਤਾਂ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਰਵਾਈ ਅਤੇ ਸਰਕਾਰੀ ਖ਼ਜ਼ਾਨੇ ਨੂੰ ਹੋਏ ਨੁਕਸਾਨ ਦੀ ਵਸੂਲੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ।

ਮਾਈਨਿੰਗ ਅਤੇ ਆਬਕਾਰੀ ਨੀਤੀ: ਵਾਅਦੇ ਬਨਾਮ ਹਕੀਕਤ ਦੀ ਪੜਚੋਲ ਹਰ ਕੋਈ ਕਰ ਰਿਹਾ ਹੈ। ਆਮ ਆਦਮੀ ਪਾਰਟੀ ਨੇ ਗੈਰ-ਕਾਨੂੰਨੀ ਮਾਈਨਿੰਗ ਖ਼ਤਮ ਕਰਨ ਅਤੇ ਇਸ ਤੋਂ ਸਾਲਾਨਾ 20 ਹਜ਼ਾਰ ਕਰੋੜ ਰੁਪਏ ਦੀ ਆਮਦਨ ਪੈਦਾ ਕਰਨ ਦਾ ਵਾਅਦਾ ਕੀਤਾ ਸੀ। ਪਰ ਰੇਤ ਅਤੇ ਬਜਰੀ ਤੋਂ ਸਰਕਾਰੀ ਮਾਲੀਏ ਬਾਰੇ ਸਾਹਮਣੇ ਆਏ ਅੰਕੜੇ ਇਸ ਵਾਅਦੇ ਦੀ ਪੂਰਤੀ 'ਤੇ ਸਵਾਲ ਖੜ੍ਹੇ ਕਰਦੇ ਹਨ। ਸਰਕਾਰ ਨੂੰ ਅਸਲ ਮਾਲੀਏ, ਰਾਇਲਟੀ ਦੀ ਵਸੂਲੀ ਅਤੇ ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਕੀਤੀ ਕਾਰਵਾਈ ਦਾ ਪੂਰਾ ਵੇਰਵਾ ਜਨਤਕ ਕਰਨਾ ਚਾਹੀਦਾ ਹੈ।

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮਾਈਨਿੰਗ ਨਾਲ ਸਬੰਧਤ ਮਾਮਲਿਆਂ ਵਿੱਚ ਕੀਤੀਆਂ ਟਿੱਪਣੀਆਂ ਅਤੇ ਹੁਕਮ ਇਸ ਮੁੱਦੇ ਦੀ ਗੰਭੀਰਤਾ ਦਰਸਾਉਂਦੇ ਹਨ। 10 ਅਕਤੂਬਰ 2026 ਨੂੰ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਗੈਰ-ਕਾਨੂੰਨੀ ਮਾਈਨਿੰਗ ਨਾਲ ਸਬੰਧਤ ਮਾਮਲੇ ਦੀ ਜਾਂਚ ਸੀਬੀਆਈ ਨੂੰ ਸੌਂਪੇ ਜਾਣ ਨੇ ਵੀ ਇਸ ਮੁੱਦੇ ਨੂੰ ਮੁੜ ਚਰਚਾ ਵਿੱਚ ਲਿਆਂਦਾ ਹੈ। ਵੱਖ-ਵੱਖ ਦਰਿਆਈ ਖੇਤਰਾਂ ਵਿੱਚ ਗੈਰ-ਕਾਨੂੰਨੀ ਮਾਈਨਿੰਗ ਦੀਆਂ ਸ਼ਿਕਾਇਤਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ।

ਗੈਰ-ਕਾਨੂੰਨੀ ਮਾਈਨਿੰਗ ਸਿਰਫ਼ ਸਰਕਾਰੀ ਮਾਲੀਏ ਦਾ ਨੁਕਸਾਨ ਨਹੀਂ ਕਰਦੀ, ਸਗੋਂ ਦਰਿਆਵਾਂ ਦੇ ਕੁਦਰਤੀ ਵਹਾਅ, ਵਾਤਾਵਰਨ ਅਤੇ ਹੜ੍ਹਾਂ ਦੇ ਖ਼ਤਰੇ ਨੂੰ ਵੀ ਪ੍ਰਭਾਵਿਤ ਕਰ ਸਕਦੀ ਹੈ। ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਗੈਰ-ਕਾਨੂੰਨੀ ਮਾਈਨਿੰਗ ਰੋਕਣ ਦੇ ਵਾਅਦੇ ਦੇ ਬਾਵਜੂਦ ਇਹ ਸਮੱਸਿਆ ਕਿਉਂ ਬਰਕਰਾਰ ਹੈ।

ਆਬਕਾਰੀ ਨੀਤੀ ਵੀ ਸਵਾਲਾਂ ਤੋਂ ਮੁਕਤ ਨਹੀਂ ਰਹੀ। ਸ਼ਰਾਬ ਦੇ ਲਾਇਸੈਂਸਾਂ ਦੀ ਵੰਡ, ਨੀਤੀ ਦੇ ਵਿੱਤੀ ਨਤੀਜਿਆਂ ਅਤੇ ਕਥਿਤ ਬੇਨਿਯਮੀਆਂ ਬਾਰੇ ਸਰਕਾਰ ਨੂੰ ਤੱਥਾਂ ਸਮੇਤ ਜਵਾਬ ਦੇਣਾ ਚਾਹੀਦਾ ਹੈ। ਭ੍ਰਿਸ਼ਟਾਚਾਰ-ਮੁਕਤ ਸ਼ਾਸਨ ਦਾ ਵਾਅਦਾ ਸਿਰਫ਼ ਚੋਣੀ ਨਾਅਰਾ ਨਹੀਂ, ਸਗੋਂ ਸਰਕਾਰ ਦੀ ਰੋਜ਼ਾਨਾ ਕਾਰਗੁਜ਼ਾਰੀ ਵਿੱਚ ਦਿਖਾਈ ਦੇਣਾ ਚਾਹੀਦਾ ਹੈ।

ਕਿਸਾਨੀ ਨਾਲ ਵਾਅਦਾ-ਖ਼ਿਲਾਫ਼ੀ ਨੇ ਕਿਸਾਨਾਂ 'ਚ ਨਿਰਾਸ਼ਾ ਵਧਾਈ ਹੈ। ਪੰਜਾਬ ਦੀ ਆਰਥਿਕਤਾ ਅਤੇ ਸਮਾਜਕ ਜੀਵਨ ਦੀ ਰੀੜ੍ਹ ਦੀ ਹੱਡੀ ਕਿਸਾਨੀ ਹੈ। ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਨਾ ਹੋਣਾ ਸਿਰਫ਼ ਇੱਕ ਵਰਗ ਦੀ ਸਮੱਸਿਆ ਨਹੀਂ, ਸਗੋਂ ਪੂਰੇ ਪੰਜਾਬ ਦੀ ਤਰੱਕੀ ਨਾਲ ਜੁੜਿਆ ਮੁੱਦਾ ਹੈ। 'ਆਪ' ਆਗੂਆਂ ਵੱਲੋਂ 24 ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਦੇਣ ਦੇ ਕੀਤੇ ਦਾਅਵਿਆਂ ਨੂੰ ਅਮਲੀ ਰੂਪ ਨਾ ਮਿਲਣਾ ਸਰਕਾਰ ਦੀ ਵਾਅਦਾ-ਪੂਰਤੀ 'ਤੇ ਸਵਾਲ ਖੜ੍ਹੇ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮੂੰਗੀ ਦੀ ਫ਼ਸਲ ਦੀ ਐੱਮਐੱਸਪੀ 'ਤੇ ਖ਼ਰੀਦ ਦੇ ਭਰੋਸੇ ਤੋਂ ਬਾਅਦ ਕਿਸਾਨਾਂ ਨੂੰ ਘੱਟ ਭਾਅ 'ਤੇ ਫ਼ਸਲ ਵੇਚਣੀ ਪਈ। ਜੇਕਰ ਬਿਜਾਈ ਤੋਂ ਪਹਿਲਾਂ ਦਿੱਤੇ ਭਰੋਸੇ ਖ਼ਰੀਦ ਸਮੇਂ ਪੂਰੇ ਨਾ ਹੋਣ, ਤਾਂ ਕਿਸਾਨਾਂ ਦਾ ਆਰਥਿਕ ਨੁਕਸਾਨ ਹੋਣ ਦੇ ਨਾਲ ਸਰਕਾਰ 'ਤੇ ਉਨ੍ਹਾਂ ਦਾ ਵਿਸ਼ਵਾਸ ਵੀ ਘਟਦਾ ਹੈ।

ਹੜ੍ਹਾਂ ਕਾਰਨ ਫ਼ਸਲਾਂ, ਪਸ਼ੂਆਂ ਅਤੇ ਘਰਾਂ ਨੂੰ ਹੋਏ ਨੁਕਸਾਨ ਤੋਂ ਬਾਅਦ ਪ੍ਰਭਾਵਿਤ ਕਿਸਾਨਾਂ, ਖੇਤ ਮਜ਼ਦੂਰਾਂ ਅਤੇ ਪਸ਼ੂ-ਪਾਲਕਾਂ ਨੂੰ ਸਮੇਂ ਸਿਰ ਪੂਰਾ ਮੁਆਵਜ਼ਾ ਮਿਲਣਾ ਚਾਹੀਦਾ ਹੈ। ਕਿਸਾਨ ਖ਼ੁਦਕੁਸ਼ੀਆਂ ਦੇ ਪੀੜਤ ਪਰਿਵਾਰਾਂ ਲਈ ਕਰਜ਼ੇ ਤੋਂ ਰਾਹਤ, ਆਰਥਿਕ ਸਹਾਇਤਾ ਅਤੇ ਯੋਗ ਪਰਿਵਾਰਕ ਮੈਂਬਰਾਂ ਲਈ ਰੁਜ਼ਗਾਰ ਦੇ ਪ੍ਰਬੰਧ ਵੀ ਤਰਜੀਹੀ ਆਧਾਰ 'ਤੇ ਕੀਤੇ ਜਾਣੇ ਚਾਹੀਦੇ ਹਨ। ਇਹ ਪਰਿਵਾਰ ਸਿਰਫ਼ ਅੰਕੜੇ ਨਹੀਂ, ਸਗੋਂ ਉਹ ਘਰ ਹਨ ਜਿਨ੍ਹਾਂ ਦੀ ਰੋਜ਼ੀ-ਰੋਟੀ ਅਤੇ ਭਵਿੱਖ ਸੰਕਟ ਵਿੱਚ ਹੈ।

ਪਰਾਲੀ ਪ੍ਰਬੰਧਨ ਦੇ ਮਾਮਲੇ ਵਿੱਚ ਵੀ ਕਿਸਾਨਾਂ ਨੂੰ ਸਿਰਫ਼ ਕੇਸਾਂ ਅਤੇ ਜੁਰਮਾਨਿਆਂ ਦੇ ਡਰ ਹਵਾਲੇ ਕਰਨਾ ਹੱਲ ਨਹੀਂ ਹੈ। ਉਨ੍ਹਾਂ ਨੂੰ ਲੋੜੀਂਦੀ ਮਸ਼ੀਨਰੀ, ਵਿੱਤੀ ਸਹਾਇਤਾ ਅਤੇ ਵਿਹਾਰਕ ਬਦਲ ਮੁਹੱਈਆ ਕਰਵਾਉਣੇ ਜ਼ਰੂਰੀ ਹਨ। ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਦਿੱਤੀ ਗਈ ਵਿੱਤੀ ਅਤੇ ਤਕਨੀਕੀ ਸਹਾਇਤਾ ਦੀ ਪ੍ਰਭਾਵਸ਼ਾਲੀ ਵਰਤੋਂ ਕਰਨਾ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਹੈ।

ਲੈਂਡ ਪੂਲਿੰਗ ਸਕੀਮ ਨੂੰ ਲੈ ਕੇ ਕਿਸਾਨਾਂ ਵਿੱਚ ਉੱਠਿਆ ਵਿਰੋਧ ਵੀ ਸਰਕਾਰ ਲਈ ਸਬਕ ਹੈ। ਕਿਸਾਨਾਂ ਦੀ ਸਹਿਮਤੀ ਅਤੇ ਹਿੱਤਾਂ ਦੀ ਸੁਰੱਖਿਆ ਤੋਂ ਬਿਨਾਂ ਉਨ੍ਹਾਂ ਦੀ ਜ਼ਮੀਨ ਬਾਰੇ ਨੀਤੀ ਬਣਾਉਣਾ ਭਰੋਸੇ ਨੂੰ ਕਮਜ਼ੋਰ ਕਰਦਾ ਹੈ। ਪੰਜਾਬ ਦੀ ਤਰੱਕੀ ਕਿਸਾਨੀ ਨੂੰ ਕਮਜ਼ੋਰ ਕਰਕੇ ਨਹੀਂ, ਸਗੋਂ ਖੇਤੀ ਨੂੰ ਲਾਹੇਵੰਦ ਬਣਾਉਣ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਨਾਲ ਹੀ ਸੰਭਵ ਹੈ।

'ਆਪ' ਸਰਕਾਰ ਵੱਲੋਂ 16 ਮੈਡੀਕਲ ਕਾਲਜ ਬਣਾਉਣ ਦੇ ਵਾਅਦੇ ਨੂੰ ਪੂਰਾ ਕਰਨ ਲਈ ਹੁਣ ਤੱਕ ਕੀ ਪ੍ਰਗਤੀ ਹੋਈ ਹੈ ਅਤੇ ਕਾਲਜਾਂ ਦੀ ਸਥਾਪਨਾ ਲਈ ਕੀ ਸਮਾਂ-ਸੀਮਾ ਤੈਅ ਕੀਤੀ ਗਈ ਹੈ। ਸਿਹਤ ਸਹੂਲਤਾਂ ਦਾ ਵਿਸਥਾਰ ਪੰਜਾਬ ਦੀ ਅਹਿਮ ਲੋੜ ਹੈ; ਇਸ ਲਈ ਅਜਿਹੇ ਵਾਅਦਿਆਂ ਦੀ ਪੂਰਤੀ ਸਿਰਫ਼ ਐਲਾਨਾਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ ਸੀ।

ਇਸੇ ਤਰ੍ਹਾਂ ਬੇਅਦਬੀ ਦੇ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਦੇ ਵਾਅਦੇ ਵੀ ਲੋਕਾਂ ਦੀਆਂ ਉਮੀਦਾਂ ਨਾਲ ਜੁੜੇ ਹੋਏ ਹਨ। ਇਨ੍ਹਾਂ ਸੰਵੇਦਨਸ਼ੀਲ ਮਾਮਲਿਆਂ ਵਿੱਚ ਜਾਂਚ ਅਤੇ ਕਾਨੂੰਨੀ ਕਾਰਵਾਈ ਨੂੰ ਤੇਜ਼, ਨਿਰਪੱਖ ਅਤੇ ਪ੍ਰਭਾਵਸ਼ਾਲੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਲੋਕਾਂ ਨੂੰ ਭਰੋਸਾ ਚਾਹੀਦਾ ਹੈ ਕਿ ਇਨਸਾਫ਼ ਦੇ ਮਾਮਲਿਆਂ ਵਿੱਚ ਸਿਆਸੀ ਵਾਅਦਿਆਂ ਦੀ ਥਾਂ ਠੋਸ ਨਤੀਜੇ ਸਾਹਮਣੇ ਆਉਣਗੇ।

ਨਸ਼ੇ, ਗੈਂਗਸਟਰਵਾਦ, ਭ੍ਰਿਸ਼ਟਾਚਾਰ ਅਤੇ ਕਿਸਾਨੀ ਸੰਕਟ ਨੂੰ ਬੇਰੁਜ਼ਗਾਰੀ, ਨੌਜਵਾਨਾਂ ਦੇ ਵਿਦੇਸ਼ਾਂ ਵੱਲ ਪਲਾਇਨ ਅਤੇ ਉਦਯੋਗਾਂ ਦੀਆਂ ਮੁਸ਼ਕਲਾਂ ਤੋਂ ਵੱਖ ਕਰਕੇ ਨਹੀਂ ਦੇਖਿਆ ਜਾ ਸਕਦਾ। ਜਦੋਂ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਰੁਜ਼ਗਾਰ ਅਤੇ ਸੁਰੱਖਿਅਤ ਭਵਿੱਖ ਦੀ ਆਸ ਨਹੀਂ ਦਿਸਦੀ, ਤਾਂ ਉਹ ਵਿਦੇਸ਼ਾਂ ਵੱਲ ਰੁਖ਼ ਕਰਦੇ ਹਨ। ਜਦੋਂ ਵਪਾਰੀ ਅਸੁਰੱਖਿਅਤ ਮਹਿਸੂਸ ਕਰਦੇ ਹਨ ਅਤੇ ਕਿਸਾਨ ਆਪਣੇ ਭਵਿੱਖ ਬਾਰੇ ਚਿੰਤਤ ਹੁੰਦੇ ਹਨ, ਤਾਂ ਸੂਬੇ ਦੀ ਆਰਥਿਕ ਤਰੱਕੀ ਵੀ ਪ੍ਰਭਾਵਿਤ ਹੁੰਦੀ ਹੈ।

ਪੰਜਾਬ ਨੂੰ ਸਿਰਫ਼ ਨਵੇਂ ਨਾਅਰਿਆਂ ਜਾਂ ਇਸ਼ਿਤਹਾਰੀ ਪ੍ਰਚਾਰ ਦੀ ਨਹੀਂ, ਸਗੋਂ ਜਵਾਬਦੇਹ ਸ਼ਾਸਨ ਦੀ ਲੋੜ ਹੈ। ਪੁਲਿਸ ਨੂੰ ਸਿਆਸੀ ਦਬਾਅ ਤੋਂ ਮੁਕਤ ਕਰਕੇ ਅਪਰਾਧੀਆਂ ਵਿਰੁੱਧ ਕਾਰਵਾਈ, ਨਸ਼ਾ ਤਸਕਰਾਂ ਦੇ ਨੈੱਟਵਰਕ ਦਾ ਖ਼ਾਤਮਾ, ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀ ਨਿਰਪੱਖ ਜਾਂਚ, ਸਰਕਾਰੀ ਜ਼ਮੀਨਾਂ ਅਤੇ ਕੁਦਰਤੀ ਸਰੋਤਾਂ ਦੀ ਰਾਖੀ, ਕਿਸਾਨਾਂ ਨਾਲ ਕੀਤੇ ਵਾਅਦਿਆਂ ਦੀ ਪੂਰਤੀ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ, ਇਹ ਉਹ ਮਾਪਦੰਡ ਹਨ ਜਿਨ੍ਹਾਂ 'ਤੇ ਰਾਜ ਸਰਕਾਰ ਦੀ ਕਾਰਗੁਜ਼ਾਰੀ ਪਰਖੀ ਜਾਣੀ ਚਾਹੀਦੀ ਹੈ।

ਪੰਜਾਬ ਦੇ ਲੋਕਾਂ ਦੀ ਸੁਰੱਖਿਆ, ਕਿਸਾਨੀ ਦੀ ਖ਼ੁਸ਼ਹਾਲੀ ਅਤੇ ਭ੍ਰਿਸ਼ਟਾਚਾਰ-ਮੁਕਤ ਪ੍ਰਸ਼ਾਸਨ ਸਿਆਸੀ ਵਾਅਦਿਆਂ ਤੋਂ ਉੱਪਰਲੇ ਮੁੱਦੇ ਹਨ। ਜੇਕਰ ਸਰਕਾਰ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣ ਅਤੇ ਆਪਣੀਆਂ ਕਮੀਆਂ ਸੁਧਾਰਨ ਦੀ ਥਾਂ ਸਿਰਫ਼ ਪ੍ਰਚਾਰ 'ਤੇ ਨਿਰਭਰ ਰਹਿੰਦੀ ਹੈ, ਤਾਂ ਜਨਤਾ ਦਾ ਭਰੋਸਾ ਹੋਰ ਕਮਜ਼ੋਰ ਕਰਦਾ ਹੈ।

'ਆਪ' ਸਰਕਾਰ ਦੀ ਪੁੱਠੀ ਗਿਣਤੀ ਸ਼ੁਰੂ ਹੋਈ ਹੈ ਜਾਂ ਨਹੀਂ, ਇਸ ਦਾ ਅੰਤਿਮ ਫ਼ੈਸਲਾ ਪੰਜਾਬ ਦੇ ਲੋਕ ਕਰਨਗੇ। ਪਰ ਇੱਕ ਗੱਲ ਸਪੱਸ਼ਟ ਹੈ—ਸੱਤਾ ਸਦੀਵੀ ਨਹੀਂ ਹੁੰਦੀ। ਲੋਕਾਂ ਨਾਲ ਕੀਤੇ ਵਾਅਦਿਆਂ ਦੀ ਪੂਰਤੀ, ਉਨ੍ਹਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਹੱਕਾਂ ਪ੍ਰਤੀ ਜਵਾਬਦੇਹੀ ਤੋਂ ਪਲਟਣ ਲਈ ਲੋਕਾਂ 'ਚ ਦਾ ਸਰਕਾਰ ਪ੍ਰਤੀ ਮੋਹ ਭੰਗ ਹੀ ਨਹੀਂ ਸਗੋਂ ਭਾਰੀ ਰੋਸ ਵੀ ਦੇਖਣ ਨੂੰ ਮਿਲ ਰਿਹਾ ਹੇ। ਫਿਕਰ ਦੀ ਗਲ ਇਹ ਹੈ ਕਿ ਪੰਜਾਬ ਸਰਕਾਰ ਦੀ ਇਹ ਪਹੁੰਚ "ਮਾਚਿਸ" ਨੂੰ ਸੱਦਾ ਦੇਣ ਦਾ ਕਾਰਨ ਨਾ ਬਣ ਜਾਵੇ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**
ਸੰਪਰਕ: 9781355522

# ਅਖੰਡ ਕੀਰਤਨੀ ਜੱਥੇ ਵਲੋਂ ਭਾਈ ਝੋਟੇ ਦੇ ਪਰਿਵਾਰ ਲਈ ਮਦਦ ਦਾ ਐਲਾਨ, ਸਰਕਾਰਾਂ 'ਤੇ ਵਰ੍ਹਿਆ ਰੋਹ



**ਨਵੀਂ ਦਿੱਲੀ 16 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਅਖੰਡ ਕੀਰਤਨੀ ਜਥੇ ਨੇ ਮਾਨਸਾ ਵਿਖੇ ਨਸ਼ੇ ਵਿਰੁੱਧ ਡਟ ਕੇ ਪਹਿਰਾ ਦੇਣ ਵਾਲੇ ਯੋਧੇ ਭਾਈ ਪਰਵਿੰਦਰ ਸਿੰਘ ਝੋਟੇ ਦੇ ਬੇਰਹਿਮੀ ਨਾਲ ਕੀਤੇ ਗਏ ਕਤਲ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਐਲਾਨ ਕੀਤਾ ਹੈ ਕਿ ਸੂਬੇ ਅੰਦਰ ਨਸ਼ਾ ਤਸਕਰਾਂ ਅਤੇ ਸੱਤਾਧਾਰੀ ਸਰਕਾਰਾਂ ਦੀ ਮਿਲੀਭੁਗਤ ਨਾਲ ਪੰਜਾਬ ਦੀ ਜਵਾਨੀ ਨੂੰ ਯੋਜਨਾਬੱਧ ਤਰੀਕੇ ਨਾਲ ਮਾਰਿਆ ਜਾ ਰਿਹਾ ਹੈ। ਜਦੋਂ ਸਰਕਾਰਾਂ ਨਸ਼ੇ ਦੇ ਕੋਹੜ ਨੂੰ ਠੱਲ੍ਹ ਪਾਉਣ ਵਿੱਚ ਬੁਰੀ ਤਰ੍ਹਾਂ ਨਾਕਾਮ ਸਾਬਤ ਹੋਈਆਂ, ਤਾਂ ਭਾਈ ਝੋਟੇ ਵਰਗੇ ਨਿਡਰ ਨੌਜਵਾਨਾਂ ਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਇਸ ਮਾਫ਼ੀਆ ਵਿਰੁੱਧ ਸਿੱਧੀ ਜੰਗ ਛੇੜ ਦਿੱਤੀ, ਜਿਸ ਤੋਂ ਖੁੰਦਕ ਖਾ ਕੇ ਇਨ੍ਹਾਂ ਦਰਿੰਦਿਆਂ ਨੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਅਖੰਡ ਕੀਰਤਨੀ ਜਥੇ ਦੇ ਆਗੂ ਭਾਈ ਆਰ.ਪੀ. ਸਿੰਘ ਨੇ ਸਪੱਸ਼ਟ ਕੀਤਾ ਕਿ ਭਾਈ ਝੋਟੇ ਦਾ ਇਹ ਲਾਸਾਨੀ ਬਲਿਦਾਨ ਅਜਾਈਂ ਨਹੀਂ ਜਾਣ ਦਿੱਤਾ ਜਾਵੇਗਾ ਅਤੇ ਜਥਾ ਇਸ ਔਖੇ ਸਮੇਂ ਪੀੜਤ ਪਰਿਵਾਰ ਦੀ ਪਿੱਠ 'ਤੇ ਚੱਟਾਨ ਵਾਂਗ ਖੜ੍ਹਾ ਹੋ ਕੇ ਹਰ ਸੰਭਵ ਸਹਾਇਤਾ ਪ੍ਰਦਾਨ ਕਰੇਗਾ। ਓਨ੍ਹਾ ਕਿਹਾ ਇਸ ਘਿਨਾਉਣੇ ਕਾਂਡ ਨੇ ਸਾਬਤ ਕਰ ਦਿੱਤਾ ਹੈ ਕਿ ਨਸ਼ੇ ਦੇ ਵਪਾਰੀ ਅਤੇ ਸਰਕਾਰੀ ਤੰਤਰ ਇੱਕੋ ਸਿੱਕੇ ਦੇ ਦੋ ਪਹਿਲੂ ਹਨ, ਜੋ ਪੰਜਾਬ ਨੂੰ ਤਬਾਹ ਕਰਨ ਦੇ ਨੰਗੇ ਚਿੱਟੇ ਨਾਚ ਵਿੱਚ ਲੱਗੇ ਹੋਏ ਹਨ। ਜੇਕਰ ਸਰਕਾਰਾਂ ਨੇ ਹੁਣ ਵੀ ਨਸ਼ਾ ਤਸਕਰਾਂ ਵਿਰੁੱਧ ਆਰ-ਪਾਰ ਦੀ ਜੰਗ ਛੇੜ ਕੇ ਇਸ ਸੂਬੇ ਦੇ ਉੱਜੜ ਰਹੇ ਸਰਮਾਏ ਅਤੇ ਨੌਜਵਾਨੀ ਨੂੰ ਨਾ ਬਚਾਇਆ, ਤਾਂ ਪੰਜਾਬ ਦਾ ਹਰ ਘਰ ਇਸ ਜ਼ੁਲਮ ਵਿਰੁੱਧ ਸੜਕਾਂ 'ਤੇ ਉਤਰ ਕੇ ਅਜਿਹੀ ਭਿਆਨਕ ਬਗਾਵਤ ਖੜ੍ਹੀ ਕਰੇਗਾ ਜਿਸ ਦੀ ਅੱਗ ਵਿੱਚ ਨਸ਼ੇ ਦੇ ਸੌਦਾਗਰਾਂ ਅਤੇ ਉਨ੍ਹਾਂ ਨੂੰ ਪਾਲਣ ਵਾਲੀਆਂ ਸਿਆਸੀ ਕੁਰਸੀਆਂ ਦੀ ਹੋਂਦ ਹੀ ਸਵਾਹ ਹੋ ਜਾਵੇਗੀ। ਓਨ੍ਹਾ ਕਿਹਾ ਪੰਜਾਬ ਦੇ ਹਾਕਮਾਂ ਦੀਆਂ ਨੀਂਹਾਂ ਹਿਲਾ ਦੇਣ ਵਾਲੇ ਇਸ ਕਤਲੇਆਮ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਹੁਣ ਸੂਬੇ ਦੇ ਵਾਰਸਾਂ ਨੂੰ ਚੁੱਪ ਬੈਠਣ ਦੀ ਬਜਾਏ ਨਸ਼ਾ ਤਸਕਰਾਂ ਅਤੇ ਉਨ੍ਹਾਂ ਦੀ ਪੁਸ਼ਤਪਨਾਹੀ ਕਰਨ ਵਾਲੇ ਸਿਆਸੀ ਨੇਤਾਵਾਂ ਵਿਰੁੱਧ ਆਰ-ਪਾਰ ਦਾ ਐਲਾਨ ਕਰਦਿਆਂ ਸੜਕਾਂ 'ਤੇ ਨਿੱਤਰਨਾ ਪਵੇਗਾ। ਜੇਕਰ ਅੱਜ ਇਸ ਘਿਨਾਉਣੇ ਜ਼ੁਲਮ ਵਿਰੁੱਧ ਤਲਵਾਰਾਂ ਨਾ ਸੂਤੀਆਂ ਗਈਆਂ ਅਤੇ ਕਾਤਲਾਂ ਨੂੰ ਨੰਗਾ ਕਰਕੇ ਚੌਰਾਹਿਆਂ ਵਿੱਚ ਸਜ਼ਾ ਨਾ ਦਿੱਤੀ ਗਈ, ਤਾਂ ਇਹ ਕਾਇਰਾਨਾ ਹਮਲੇ ਪੰਜਾਬ ਦੇ ਹਰ ਉਸ ਘਰ ਤੱਕ ਪਹੁੰਚ ਜਾਣਗੇ ਜਿਹੜਾ ਇਨਸਾਫ਼ ਅਤੇ ਹੱਕ-ਸੱਚ ਦੀ ਆਵਾਜ਼ ਬੁਲੰਦ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਧਰੁਵ ਰਾਠੀ ਵਿਰੁੱਧ ਫ਼ੌਜ ਨੂੰ ਉਕਸਾਉਣ ਦੇ ਦੋਸ਼ ਹੇਠ ਕੇਸ ਦਰਜ ਹੋਵੇ: ਪ੍ਰੋ. ਸਰਚਾਂਦ ਸਿੰਘ ਖਿਆਲਾ

## ਰਾਹੁਲ ਗਾਂਧੀ ਤੇ ਕੇਜਰੀਵਾਲ ਦੀ ਸਿਆਸਤ ਦੇਸ਼ ਵਿੱਚ ਅਸਥਿਰਤਾ ਤੇ ਅਰਾਜਕਤਾ ਪੈਦਾ ਕਰਨ ਵੱਲ ਵਧ ਰਹੀ ਹੈ



**ਅੰਮ੍ਰਿਤਸਰ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਦੋਸ਼ ਲਾਇਆ ਕਿ ਕਾਂਗਰਸੀ ਆਗੂ ਰਾਹੁਲ ਗਾਂਧੀ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸਿਆਸਤ ਦੇਸ਼ ਵਿੱਚ ਅਸਥਿਰਤਾ ਤੇ ਅਰਾਜਕਤਾ ਪੈਦਾ ਕਰਨ ਵੱਲ ਵਧ ਰਹੀ ਹੈ। ਉਨ੍ਹਾਂ ਨੇ 'ਕਾਕਰੋਚ ਜਨਤਾ ਪਾਰਟੀ' ਵਰਗੇ ਮੰਚਾਂ ਰਾਹੀਂ ਨੌਜਵਾਨਾਂ, ਖ਼ਾਸ ਕਰਕੇ ਜਨਰੇਸ਼ਨ-ਜ਼ੈੱਡ, ਨੂੰ ਸੌੜੇ ਸਿਆਸੀ ਹਿੱਤਾਂ ਲਈ ਵਰਤਣ ਦੇ ਯਤਨਾਂ ਦੀ ਸਖਤ ਆਲੋਚਨਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਸੱਤਾ ਦੀ ਲਾਲਸਾ ਵਿੱਚ ਨੌਜਵਾਨਾਂ ਅਤੇ ਤਿਰੰਗੇ ਨੂੰ ਢਾਲ ਬਣਾਉਣਾ ਵਿਰੋਧੀ ਧਿਰ ਦੀ ਸਿਆਸੀ ਗਿਰਾਵਟ ਨੂੰ ਦਰਸਾਉਂਦਾ ਹੈ। ਲੋਕਤੰਤਰ ਵਿੱਚ ਸਰਕਾਰ ਦਾ ਵਿਰੋਧ ਕਰਨਾ ਹਰ ਕਿਸੇ ਦਾ ਹੱਕ ਹੈ, ਪਰ ਫ਼ੌਜ ਅਤੇ ਪੁਲਿਸ ਨੂੰ ਚੁਣੀ ਹੋਈ ਸਰਕਾਰ ਵਿਰੁੱਧ ਭੜਕਾਉਣਾ ਕੌਮੀ ਸੁਰੱਖਿਆ ਅਤੇ ਸੰਵਿਧਾਨਕ ਵਿਵਸਥਾ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਪ੍ਰੋ. ਖਿਆਲਾ ਨੇ ਜਰਮਨੀ ਵਿੱਚ ਰਹਿਣ ਵਾਲੇ ਇਨਫਲੂਐਂਸਰ ਅਤੇ 'ਕਾਕਰੋਚ ਜਨਤਾ ਪਾਰਟੀ' ਦੇ ਆਗੂ ਧਰੁਵ ਰਾਠੀ ਦੇ ਇਕ ਬਿਆਨ ਰਾਹੀਂ ਭਾਰਤੀ ਫ਼ੌਜ ਅਤੇ ਪੁਲਿਸ ਨੂੰ ਚੁਣੀ ਹੋਈ ਸਰਕਾਰ ਵਿਰੁੱਧ ਉਕਸਾਉਣ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਧਰੁਵ ਰਾਠੀ ਵਿਰੁੱਧ ਕੇਸ ਦਰਜ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਫ਼ੌਜ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਸਿਆਸੀ ਟਕਰਾਅ ਵਿੱਚ ਘਸੀਟਣ ਦੇ ਕਿਸੇ ਵੀ ਯਤਨ ਵਿਰੁੱਧ ਸਖ਼ਤ ਰੁਖ਼ ਅਪਣਾਇਆ ਜਾਣਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਇੱਕ ਪ੍ਰੋਗਰਾਮ ਦੌਰਾਨ ਧਰੁਵ ਰਾਠੀ ਨੇ ਕਥਿਤ ਤੌਰ 'ਤੇ ਭੜਕਾਊ ਟਿੱਪਣੀ ਕਰਦਿਆਂ ਕਿਹਾ ਕਿ ਜੇਕਰ ਪੂਰੀ ਫ਼ੌਜ ਇਕੱਠਿਆਂ ਆਵਾਜ਼ ਉਠਾਵੇ ਅਤੇ ਅਸਤੀਫ਼ੇ ਦੇ ਦੇਵੇ ਤਾਂ ਸਰਕਾਰ ਕੁਝ ਨਹੀਂ ਕਰ ਸਕਦੀ। ਉਨ੍ਹਾਂ ਕਿਹਾ ਕਿ ਅਜਿਹੀ ਟਿੱਪਣੀ ਲੋਕਤੰਤਰੀ ਮਰਿਆਦਾਵਾਂ ਦੀ ਉਲੰਘਣਾ ਹੈ ਅਤੇ ਦੇਸ਼ ਦੀਆਂ ਸੁਰੱਖਿਆ ਸੰਸਥਾਵਾਂ ਨੂੰ ਸਿਆਸੀ ਟਕਰਾਅ ਵਿੱਚ ਧੱਕਣ ਵਾਲੀ ਖ਼ਤਰਨਾਕ ਤੇ ਦੇਸ਼ ਧ੍ਰੋਹੀ ਮਾਨਸਿਕਤਾ ਨੂੰ ਦਰਸਾਉਂਦੀ ਹੈ।

ਉਨ੍ਹਾਂ ਧਰੁਵ ਰਾਠੀ ਦੀਆਂ ਟਿੱਪਣੀਆਂ ਦਾ ਭਾਰਤੀ ਫ਼ੌਜ ਅਤੇ ਹਵਾਈ ਫ਼ੌਜ ਦੇ ਸਾਬਕਾ ਸੈਨਿਕਾਂ ਵੱਲੋਂ ਸਖ਼ਤ ਵਿਰੋਧ ਕੀਤੇ ਜਾਣ ਦਾ ਸਵਾਗਤ ਕੀਤਾ। ਪ੍ਰੋ. ਖਿਆਲਾ ਨੇ ਕਿਹਾ ਕਿ ਫ਼ੌਜ ਅਤੇ ਪੁਲਿਸ ਨੂੰ ਸਿਆਸੀ ਹਿੱਤਾਂ ਲਈ ਵਰਤਣ ਜਾਂ ਚੁਣੀ ਹੋਈ ਸਰਕਾਰ ਵਿਰੁੱਧ ਉਕਸਾਉਣ ਦੀ ਕਿਸੇ ਵੀ ਕੋਸ਼ਿਸ਼ ਨੂੰ ਕੌਮੀ ਸੁਰੱਖਿਆ ਅਤੇ ਸੰਵਿਧਾਨਕ ਲੋਕਤੰਤਰ ਦੇ ਵਡੇਰੇ ਹਿੱਤ ਵਿੱਚ ਗੰਭੀਰਤਾ ਨਾਲ ਲਿਆ ਜਾਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ

# ਭਾਈ ਪਰਵਿੰਦਰ ਸਿੰਘ ਨੂੰ ਸ਼ਹੀਦ ਦਾ ਦਰਜਾ ਦੇ ਕੇ ਕੀਤਾ ਗਿਆ ਸੰਬੋਧਨ

## ਸ਼ਹੀਦ ਭਾਈ ਪਰਵਿੰਦਰ ਸਿੰਘ ਕੌਮ ਦਾ ਸ਼ਹੀਦ ਹੈ ਜਿਸ ਕੋਲ ਜੀਣ ਦਾ ਰਸਤਾ ਸੀ ਪਰ ਉਸ ਨੇ ਫਿਰ ਵੀ ਲੋਕਾਂ ਤੇ ਨੌਜਵਾਨਾਂ ਲਈ ਸੰਘਰਸ਼ ਕਰਦਿਆਂ ਸ਼ਹਾਦਤ ਦਾ ਰਾਹ ਚੁਣਿਆ










ਆਵਾਜ਼ਿ ਕੌਮ
AWAZE QAUM
International Newspaper & WEB TV







ਤਲਵੰਡੀ ਸਾਬੋ/ ਮਾਨਸਾ, 16 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਅਤੇ ਨਸ਼ਿਆਂ ਦੇ ਕਾਰੋਬਾਰ ਖ਼ਿਲਾਫ਼ ਸੰਘਰਸ਼ ਕਰਨ ਵਾਲੇ ਭਾਈ ਪਰਵਿੰਦਰ ਸਿੰਘ ਝੋਟਾ ਦੇ ਮਾਨਸਾ ਵਿਖੇ ਹੋਏ ਕਤਲ ਤੋਂ ਬਾਅਦ ਅੱਜ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਉਨ੍ਹਾਂ ਦੇ ਘਰ ਪਹੁੰਚੇ। ਇਸ ਮੌਕੇ ਉਨ੍ਹਾਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਭਾਈ ਪਰਵਿੰਦਰ ਸਿੰਘ ਦੀ ਯਾਦ ਵਿੱਚ ਅਰਦਾਸ ਵੀ ਕੀਤੀ। ਅਰਦਾਸ ਸਮਾਗਮ ਵਿੱਚ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਹਾਜ਼ਰ ਸੰਗਤ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਭਾਈ ਪਰਵਿੰਦਰ ਸਿੰਘ ਝੋਟਾ ਨੂੰ ਕੌਮ ਦਾ ਸ਼ਹੀਦ ਕਰਾਰ ਦਿੰਦਿਆਂ ਕਿਹਾ ਕਿ ਭਾਈ ਪਰਵਿੰਦਰ ਸਿੰਘ ਨੇ ਨਸ਼ਿਆਂ ਵਿਰੁੱਧ ਸੰਘਰਸ਼ ਕਰਦਿਆਂ ਲੋਕਾਂ ਅਤੇ ਨੌਜਵਾਨਾਂ ਦੇ ਭਵਿੱਖ ਦੀ ਬਿਹਤਰੀ ਲਈ ਆਪਣੀ ਜਾਨ ਦੀ ਪਰਵਾਹ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਭਾਈ ਪਰਵਿੰਦਰ ਸਿੰਘ ਕੋਲ ਆਪਣੀ ਜ਼ਿੰਦਗੀ ਜਿਊਣ ਦੇ ਹੋਰ ਰਸਤੇ ਵੀ ਸਨ, ਪਰ ਉਨ੍ਹਾਂ ਨੇ ਸਮਾਜ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸੰਘਰਸ਼ ਦਾ ਰਾਹ ਚੁਣਿਆ। ਉਨ੍ਹਾਂ ਦੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਸਮਾਜ ਲਈ ਗੰਭੀਰ ਚੁਣੌਤੀ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਬੁਰਾਈ ਤੋਂ ਬਚਾਉਣ ਲਈ ਸਾਰਿਆਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਵੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਭਾਈ ਪਰਵਿੰਦਰ ਸਿੰਘ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਲਈ ਅਰਦਾਸ ਕੀਤੀ।।ਇਸ ਮੌਕੇ ਬਠਿੰਡਾ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਬੀਬੀ ਹਰਸਿਮਰਤ ਕੌਰ ਬਾਦਲ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਅਕਾਲੀ ਆਗੂ ਸ. ਤੇਜਿੰਦਰ ਸਿੰਘ ਮਿੱਡੂਖੇੜਾ ਅਤੇ ਸ. ਪਰਮਬੰਸ ਸਿੰਘ ਰੋਮਾਣਾ ਸਮੇਤ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ। ਸਾਰਿਆਂ ਨੇ ਭਾਈ ਪਰਵਿੰਦਰ ਸਿੰਘ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਜਤਾਈ।

### ਇਨਸਾਫ ਲਈ ਮੱਲਾਂਵਾਲਾ ਵਿਖੇ

# ਜਥੇਬੰਦੀਆਂ ਨੇ ਲਾਇਆ ਧਰਨਾ—ਕੀਤਾ ਰੋਹ ਮੁਜ਼ਾਹਰਾ



**ਫ਼ਿਰੋਜ਼ਪੁਰ, 16 ਅਕਤੂਬਰ (ਮਨੋਹਰ ਲਾਲ) :—** ਮੱਲਾਂਵਾਲਾ ਮੇਨ ਚੌਕ ਵਿੱਚ ਅੱਜ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੇ ਰੋਸ ਵਜੋਂ ਸੱਤ ਮੈਂਬਰੀ ਕਮੇਟੀ ਦੇ ਪੰਜਾਬ ਬੰਦ ਦੇ ਸੱਦੇ ਦੀ ਕਾਲ ਦੌਰਾਨ ਮੱਲਾਂਵਾਲੇ ਦੀਆਂ ਸਮਾਜਿਕ, ਧਾਰਮਿਕ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਪੂਰਨ ਤੌਰ ਤੇ ਬੰਦ ਕੀਤਾ ਗਿਆ। ਬੰਦ ਦੌਰਾਨ ਮੱਲਾਂਵਾਲੇ ਦੇ ਲੋਕਾਂ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ ਅਤੇ ਆਪਣੀਆਂ ਦੁਕਾਨਾਂ ਬੰਦ ਕਰਕੇ ਰੋਸ ਮਾਰਚ ਵਿੱਚ ਸ਼ਮੂਲੀਅਤ ਕੀਤੀ ਗਈ। ਰੋਸ ਮਾਰਚ ਵਿੱਚ ਪਹੁੰਚੇ ਬੁਲਾਰਿਆਂ ਨੇ ਮੰਗ ਕੀਤੀ ਕਿ ਪਰਵਿੰਦਰ ਸਿੰਘ ਝੋਟੇ ਦੇ ਕਾਤਲਾਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ ਅਤੇ ਇਸ ਕਤਲ ਦੀ ਉੱਚ ਪੱਧਰੀ ਜਾਂਚ ਕਰਕੇ ਜਿੰਮੇਵਾਰ ਅਧਿਕਾਰੀਆਂ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ ਅਤੇ ਬਣਦੀ ਸਜ਼ਾ ਦਿੱਤੀ ਜਾਵੇ। ਮੁਜ਼ਾਹਰਾਕਾਰੀਆਂ ਨੇ ਕਿਹਾ ਕਿ ਡੀ.ਜੀ.ਪੀ ਪੰਜਾਬ ਤੇ ਮੁੱਖ ਮੰਤਰੀ ਪੰਜਾਬ ਨੂੰ ਆਪਣੀ ਜਿੰਮੇਵਾਰੀ ਸਮਝਦਿਆਂ ਹੋਇਆਂ ਤੁਰੰਤ ਆਪਣੇ ਅਹੁਦੇ ਤੋਂ ਅਸਤੀਫਾ ਦੇਣ। ਇਸ ਰੋਸ ਮਾਰਚ ਵਿੱਚ ਸਾਰੀਆਂ ਜਥੇਬੰਦੀਆਂ ਨੇ ਪ੍ਰਣ ਕੀਤਾ ਕਿ ਉਹ ਪਰਵਿੰਦਰ ਸਿੰਘ ਝੋਟੇ ਦੀ ਸੋਚ ਨੂੰ ਅੱਗੇ ਲੈ ਕੇ ਜਾਣਗੇ ਅਤੇ ਨਸ਼ੇ ਨੂੰ ਸਾਰੇ ਮਿਲ ਕੇ ਖਤਮ ਕਰਨਗੇ ਅਤੇ ਪਰਵਿੰਦਰ ਸਿੰਘ ਝੋਟੇ ਦੇ ਕਾਤਲਾਂ ਨੂੰ ਸਜ਼ਾ ਦਿਵਾਉਣ ਦੀ ਜਿੰਨਾ ਸਮਾਂ ਲੜਾਈ ਚੱਲੇਗੀ ਉਹ ਪੂਰਨ ਤੌਰ ਤੇ ਕਮੇਟੀ ਦਾ ਸਾਥ ਦੇਣਗੇ। ਇਸ ਸਮੇਂ ਗੁਰਮਤਿ ਪ੍ਰਚਾਰ ਜਥੇ ਦੇ ਸੰਸਥਾਪਕ ਬਾਬਾ ਬਲਕਾਰ ਸਿੰਘ ਇਲਮੇਵਾਲਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਮਾਸਟਰ ਕੁਲਦੀਪ ਸਿੰਘ ਹਰਫੂਲ ਸਿੰਘ ਡਾਕਟਰ ਕੁਲਜੀਤ ਸਿੰਘ, ਬੀਕੇਯੂ ਕ੍ਰਾਂਤੀਕਾਰੀ ਪੰਜਾਬ ਗੁਰਪ੍ਰੀਤ ਸਿੰਘ ਜਿਲਾ ਪ੍ਰਧਾਨ, ਵਾਰਿਸ ਪੰਜਾਬ ਜਥੇਬੰਦੀ ਕਾਬਲ ਸਿੰਘ ਬੂਟੇ ਵਾਲਾ ਬਲਾਕ ਪ੍ਰਧਾਨ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਹਰਬੰਸ ਸਿੰਘ ਕੌੜਾ ਜਿਲਾ ਪ੍ਰਧਾਨ ਅਤੇ ਮਨਮੋਹਨ ਸਿੰਘ ਸਕੱਤਰ ਪੰਜਾਬ ਅਤੇ ਹਰਦੀਪ ਸਿੰਘ ਯੂਥ ਵਿੰਗ ਦੇ ਜ਼ਿਲਾ ਪ੍ਰਧਾਨ, ਵਾਰਿਸ ਪੰਜਾਬ ਜਥੇਬੰਦੀ ਯੂਥ ਵਿੰਗ ਜਿਲ੍ਹਾ ਪ੍ਰਧਾਨ ਭਾਈ ਗੁਰਦੀਪ ਸਿੰਘ ਬੱਗੂਵਾਲਾ ਅਤੇ ਭਾਈ ਹਰਦੀਪ ਸਿੰਘ ਮੱਲਾਂਵਾਲਾ ਨੇ ਸ਼ਮੂਲੀਅਤ ਕਰਕੇ ਪੁਲਿਸ ਪ੍ਰਸ਼ਾਸਨ ਤੇ ਸਿਵਲ ਪ੍ਰਸ਼ਾਸਨ ਨੂੰ ਜਾਗਣ ਦੀ ਅਪੀਲ ਕੀਤੀ ਤਾਂ ਜੋ ਪੰਜਾਬ ਵਿਚ ਲਗਾਤਾਰ ਹੋ ਰਹੀ ਕਤਲੋਗਾਰਦ ਰੁਕ ਸਕੇ ਅਤੇ ਪੰਜਾਬ ਵਿਚੋਂ ਨਸ਼ੇ ਦਾ ਖਾਤਮਾ ਹੋ ਸਕੇ।

### ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ

# ਸਾਡਾ ਪਿੰਡ ਵਿੱਚ ਪੰਜਾਬੀ ਸੱਭਿਆਚਾਰ ਤੇ ਵਿਰਾਸਤ ਨੂੰ ਨੇੜਿਓਂ ਜਾਣਿਆ



**ਫ਼ਿਰੋਜ਼ਪੁਰ, 16 ਅਕਤੂਬਰ (ਮਨੋਹਰ ਲਾਲ) :—** ਫਿਰੋਜ਼ਪੁਰ—ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵੱਲੋਂ ਪਹਿਲੇ ਪੜਾਅ ਦੀਆਂ ਪ੍ਰੀਖਿਆਵਾਂ ਦੇ ਸਫਲਤਾਪੂਰਵਕ ਸਮਾਪਤ ਹੋਣ ਤੋਂ ਬਾਅਦ ਵਿਦਿਆਰਥੀਆਂ ਲਈ ਅੰਮ੍ਰਿਤਸਰ ਸਥਿਤ ਸਾਡਾ ਪਿੰਡ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ। ਸਕੂਲ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਗਏ ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਤੋਂ ਬਾਅਦ ਤਰੋਤਾਜ਼ਾ ਕਰਨ ਦੇ ਨਾਲ—ਨਾਲ ਪੰਜਾਬ ਦੇ ਅਮੀਰ ਸੱਭਿਆਚਾਰ, ਰੀਤੀ—ਰਿਵਾਜਾਂ ਅਤੇ ਵਿਰਾਸਤ ਨਾਲ ਜਾਣੂ ਕਰਵਾਉਣਾ ਸੀ। ਇਸ ਦੌਰਾਨ ਵਿਦਿਆਰਥੀਆਂ ਨੇ ਸਾਡਾ ਪਿੰਡ ਵਿੱਚ ਪੰਜਾਬ ਦੇ ਰਵਾਇਤੀ ਰਹਿਣ ਸਹਿਣ, ਲੋਕ ਕਲਾ, ਸੰਗੀਤ, ਲੋਕ ਨਾਚਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਨੇੜਿਓਂ ਦੇਖਿਆ ਅਤੇ ਵੱਖ—ਵੱਖ ਗਤੀਵਿਧੀਆਂ ਦਾ ਆਨੰਦ ਮਾਣਦਿਆਂ ਖੂਬ ਮਨੋਰੰਜਨ ਕੀਤਾ। ਇਸ ਦੌਰੇ ਰਾਹੀਂ ਵਿਦਿਆਰਥੀਆਂ ਨੂੰ ਕਲਾਸਰੂਮ ਦੀ ਪੜ੍ਹਾਈ ਤੋਂ ਇਲਾਵਾ ਕੁਝ ਨਵਾਂ ਦੇਖਣ, ਸਿੱਖਣ ਅਤੇ ਆਪਣੀਆਂ ਸੱਭਿਆਚਾਰਕ ਜੜ੍ਹਾਂ ਨੂੰ ਸਮਝਣ ਦਾ ਮੌਕਾ ਮਿਲਿਆ। ਸਕੂਲ ਦੀ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕਿਤਾਬੀ ਗਿਆਨ ਦੇ ਨਾਲ ਵਿਹਾਰਕ ਤਜਰਬੇ ਅਤੇ ਸੱਭਿਆਚਾਰਕ ਗਤੀਵਿਧੀਆਂ ਵੀ ਬਹੁਤ ਮਹੱਤਵਪੂਰਨ ਹਨ, ਅਜਿਹੇ ਵਿੱਦਿਅਕ ਦੌਰੇ ਬੱਚਿਆਂ ਦੇ ਗਿਆਨ ਵਿੱਚ ਵਾਧਾ ਕਰਨ, ਉਨ੍ਹਾਂ ਦੀ ਸਿੱਖਣ ਦੀ ਰੁਚੀ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਆਪਣੇ ਸੱਭਿਆਚਾਰ ਤੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਸਕੂਲ ਦਾ ਯਤਨ ਹੈ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ—ਨਾਲ ਅਜਿਹੇ ਮੌਕੇ ਵੀ ਪ੍ਰਦਾਨ ਕੀਤੇ ਜਾਣ, ਜੋ ਉਨ੍ਹਾਂ ਦੀ ਸ਼ਖ਼ਸੀਅਤ ਨੂੰ ਨਿਖਾਰਨ ਅਤੇ ਆਤਮ—ਵਿਸ਼ਵਾਸ ਵਧਾਉਣ ਵਿੱਚ ਸਹਾਇਕ ਹੋਣ। ਇਹ ਦੌਰਾ ਵਿਦਿਆਰਥੀਆਂ ਲਈ ਸਿੱਖਣ, ਮਨੋਰੰਜਨ ਅਤੇ ਸੱਭਿਆਚਾਰਕ ਤਜਰਬਿਆਂ ਦਾ ਯਾਦਗਾਰੀ ਸੁਮੇਲ ਸਾਬਤ ਹੋਇਆ। ਇਸ ਦੌਰਾਨ ਸਕੂਲੀ ਬੱਚੇ ਪੰਜਾਬ ਦੀ ਸ਼ਾਨਦਾਰ ਵਿਰਾਸਤ ਦੀਆਂ ਖੂਬਸੂਰਤ ਯਾਦਾਂ ਅਤੇ ਨਵੇਂ ਤਜਰਬਿਆਂ ਨਾਲ ਵਾਪਸ ਪਰਤੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਰਕਾਰਾਂ ਇਕ ਦੂਜੇ 'ਤੇ ਇਲਜ਼ਾਮ ਲਾਉਣ ਦੀ ਬਜਾਏ ਨਸ਼ਿਆਂ ਨਾਲ ਮਰ ਰਹੇ ਲੋਕਾਂ ਪ੍ਰਤੀ ਸੰਵੇਦਨਸ਼ੀਲ ਹੋਣ - ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੋਸ਼ ਲਗਾਇਆ ਕਿ ਜਿਹੜੀਆਂ ਸਰਕਾਰਾਂ ਦੇ ਸਿਰ ਇਹ ਜਿੰਮੇਵਾਰੀ ਸੀ ਕਿ ਉਹ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨਗੀਆਂ, ਉਹ ਆਪਣੇ ਫਰਜ ਤੋਂ ਭਗੌੜੇ ਹੋ ਕੇ ਇਕ ਦੂਜੇ 'ਤੇ ਇਲਜ਼ਾਮ ਦਰਾਜੀ ਵਿੱਚ ਰੁੱਝੀਆਂ ਹੋਈਆਂ ਹਨ। ਉਹਨਾਂ ਕਿਹਾ ਕਿ ਪੰਜਾਬ ਦਾ ਪੰਜਾਹ ਕਿਲੋਮੀਟਰ ਸਰਹੱਦੀ ਏਰੀਆ ਬੀ ਐਸ ਐਫ ਰਾਹੀਂ ਕੇਂਦਰ ਦੇ ਅਧੀਨ ਹੈ, ਜਿੱਥੋਂ ਡਰੋਨਾਂ ਦੇ ਰਾਹੀਂ ਨਸ਼ਿਆਂ ਦੀ ਸਪਲਾਈ ਲਗਾਤਾਰ ਜਾਰੀ ਹੈ। ਏਸੇ ਤਰਾਂ ਸਰਹੱਦ ਪਾਰੋਂ ਆਇਆ ਨਸ਼ਾ ਪੰਜਾਬ ਪੁਲਿਸ ਦੇ ਐਂਟੀ ਡ੍ਰੋਨ ਦਸਤੇ ਤੋਂ ਫੜਿਆ ਜਾਂਦਾ ਹੈ। ਅਜਿਹੀ ਸਥਿੱਤੀ ਵਿੱਚ ਪੰਜਾਬ ਦੇ ਲੋਕ ਯਕੀਨ ਕਰਨ ਤਾਂ ਕਿਸ ਸਰਕਾਰ 'ਤੇ ਕਰਨ ? ਕਿਉਂਕਿ ਇਹਨਾਂ ਫੋਰਸਾਂ ਦੇ ਰਾਜਨੀਤਿਕ ਮੁਖੀ ਆਪਣੀ ਅਸਫਲਤਾ 'ਤੇ ਸ਼ਰਮਿੰਦਾ ਹੋਣ ਦੀ ਬਜਾਏ ਟਵੀਟ-ਟਵੀਟ ਖੇਡ ਰਹੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਲੋਕ ਨਸ਼ਿਆਂ ਨਾਲ ਮਰ ਰਹੇ ਹਨ ਅਤੇ ਜੋ ਸਮਾਜ ਸੇਵੀ ਇਹਨਾਂ ਨਸ਼ੇ ਦੇ ਸੌਦਾਗਰਾਂ ਨੂੰ ਸਵਾਲ ਕਰਦੇ ਹਨ, ਉਹਨਾਂ ਨੂੰ ਸ਼ਰੇਆਮ ਭਰੇ ਬਾਜ਼ਾਰ ਵਿੱਚ ਗੋਲੀਆਂ ਨਾਲ ਭੁੰਨ ਦਿੱਤਾ ਜਾਂਦਾ ਹੈ। ਇਹ ਚੁਣੀਆਂ ਹੋਈਆਂ ਸਰਕਾਰਾਂ ਦੀ ਅਣਗਹਿਲੀ ਹੀ ਨਹੀਂ ਸਗੋਂ ਵੱਡੀ ਅਸਫਲਤਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਬਿਆਨ ਵਿੱਚ ਅੱਗੇ ਆਖਿਆ ਕਿ ਅਸੀਂ ਚਿੱਟਾ-ਚਿੱਟਾ ਕੂਕਦੇ ਰਹਿੰਦੇ ਹਾਂ ਪਰ ਮੈਡੀਕਲ ਸਟੋਰਾਂ 'ਤੇ ਵਿਕਣ ਵਾਲੇ ਗੋਲੀਆਂ ਅਤੇ ਕੈਪਸੂਲ ਉਸਤੋਂ ਵੀ ਵਿਕਰਾਲ ਰੂਪ ਵਿੱਚ ਗਰੀਬ ਲੋਕਾਂ ਦੀ ਸਰੀਰਕ ਅਤੇ ਆਰਥਿਕ ਸ਼ਕਤੀ ਨੂੰ ਨਿਚੋੜ ਕੇ ਉਹਨਾਂ ਨੂੰ ਮੌਤ ਵੱਲ ਧੱਕ ਰਹੇ ਹਨ। ਇਹ ਕੌੜੀ ਸੱਚਾਈ ਸ ਪਰਵਿੰਦਰ ਸਿੰਘ ਝੋਟਾ ਦੀਆਂ ਵੀਡੀਓ ਰਿਕਾਰਡਿੰਗਾਂ ਚੋਂ ਸਾਹਮਣੇ ਆਈ ਹੈ ਕਿ ਕਿਵੇਂ ਦਿਹਾੜੀਦਾਰ ਮਜਦੂਰ ਕੰਮ ਤੇ ਜਾਣ ਤੋਂ ਪਹਿਲਾਂ ਮੈਡੀਕਲ ਸਟੋਰਾਂ 'ਤੇ ਪਹੁੰਚ ਕੇ ਨਸ਼ਾ ਖ਼ਰੀਦਦੇ ਹਨ। ਜਿੱਥੇ ਉਹਨਾਂ ਨੂੰ ਦਸ ਵੀਹ ਰੁਪਏ ਵਿੱਚ ਮਿਲਣ ਵਾਲਾ ਸਸਤਾ ਅਤੇ ਘਟੀਆ ਨਸ਼ਾ ਕਈ ਗੁਣਾ ਵੱਧ ਕੀਮਤ 'ਤੇ ਵੇਚਿਆ ਜਾਂਦਾ ਹੈ। ਉਹਨਾਂ ਕਿਹਾ ਕਿ ਇਹ ਜ਼ਿਹਰ ਤਾਂ ਦੇਸ਼ ਦੀਆਂ ਫੈਕਟਰੀਆਂ ਵਿੱਚ ਹੀ ਤਿਆਰ ਹੁੰਦਾ ਹੈ ਜਿਸਨੂੰ ਦੁਕਾਨਾਂ ਵਾਲੇ ਖੁਲ੍ਹੇਆਮ ਵੇਚ ਰਹੇ ਹਨ। ਜੇ ਕੋਈ ਉਹਨਾਂ ਨੂੰ ਰੋਕਣ ਜਾਂਦਾ ਹੈ ਤਾਂ ਉਸਨੂੰ ਕਤਲ ਕਰ ਦਿੱਤਾ ਜਾਂਦਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਅਜਿਹੇ ਕਤਲ ਨੂੰ ਆਪਣੇ ਮੱਥੇ ਦੇ ਕਲੰਕ ਵਾਂਗ ਲੈਕੇ ਜਿੰਮੇਵਾਰੀ ਨਾਲ ਕੰਮ ਕਰਨ ਦੀ ਬਜਾਏ ਕੇਂਦਰ ਅਤੇ ਸੂਬਾ ਸਰਕਾਰ ਇਕ ਦੂਜੇ ਨੂੰ ਦੋਸ਼ੀ ਠਹਿਰਾਅ ਰਹੀਆਂ ਹਨ। ਉਹਨਾਂ ਕਿਹਾ ਕਿ ਜੇ ਦੇਸ਼ ਇਕ ਹੈ ਤਾਂ ਚੁਣੀਆਂ ਹੋਈਆਂ ਸਰਕਾਰਾਂ ਨੂੰ ਵੀ ਦੇਸ਼ ਹਿੱਤ ਵਿੱਚ ਇਕਜੁੱਟਤਾ ਨਾਲ ਕੰਮ ਕਰਨਾ ਚਾਹੀਦਾ ਹੈ, ਨਾ ਕਿ ਦੂਜੇ ਨੂੰ ਦੋਸ਼ੀ ਗਰਦਾਨ ਕੇ ਖੁਦ ਪਾਸਾ ਵੱਟ ਜਾਣਾ ਚਾਹੀਦਾ ਹੈ। ਜੇ ਦੋਹਾਂ ਸਰਕਾਰਾਂ ਵਿੱਚ ਆਪਣੇ ਲੋਕਾਂ ਪ੍ਰਤੀ ਜਰਾ ਵੀ ਹਮਦਰਦੀ ਬਚੀ ਹੈ ਤਾਂ ਉਹਨਾਂ ਨੂੰ ਮਿਲਕੇ ਨਸ਼ੇ ਦੀ ਬੁਰਾਈ ਨੂੰ ਜੜ੍ਹ ਤੋਂ ਖਤਮ ਕਰਨਾ ਚਾਹੀਦਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਇਕ ਹੋਰ ਵੱਡਾ ਫ਼ੈਸਲਾ, ਪ੍ਰਚਾਰਕ ਜੀਵਨ ਸਿੰਘ ਬਗੀਚੀ ਵਾਲੇ ਦੇ ਪ੍ਰਚਾਰ/ਕੀਰਤਨ 'ਤੇ ਰੋਕ



**ਅੰਮ੍ਰਿਤਸਰ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਪੰਜ ਸਿੰਘ ਸਾਹਿਬਾਨਾ ਵੱਲੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਤਨਖਾਈਆ ਕਰਾਕ ਦੇਣ ਤੋਂ ਇਲਾਵਾ ਹੋਰ ਵੀ ਕਈ ਫੈਸਲੇ ਵਿਚਾਰੇ ਗਏ ਹਨ। ਸਿੰਘ ਸਾਹਿਬ ਨੇ ਜੀਵਨ ਸਿੰਘ ਬਗੀਚੀ ਵਾਲੇ ਨਾਮਕ ਆਪੇ ਬਣੇ ਪ੍ਰਚਾਰਕ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਗੁਰਬਾਣੀ ਸਿੱਖ ਰਵਾਇਤਾਂ, ਸਿੱਖ ਰਹਿਤ ਮਰਿਆਦਾ, ਸਿੱਖ ਇਤਿਹਾਸ ਦੇ ਉਲਟ ਕੀਤੀਆਂ ਜਾ ਰਹੀਆਂ ਵਿਵਾਦਤ ਟਿੱਪਣੀਆਂ, ਚਵਰ ਛਤਰ ਤਖ਼ਤ ਦੇ ਮਾਲਕ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਿਆਈ ਨੂੰ ਚੁਣੌਤੀ ਦੇਣ ਦੇ ਮਸਲੇ ਨੂੰ ਵਿਚਾਰਿਆ ਹੈ। ਸਿੰਘ ਸਾਹਿਬ ਨੇ ਕਿਹਾ ਜੀਵਨ ਸਿੰਘ ਬਗੀਚੀ ਵਾਲੇ ਨੂੰ ਗੁਰਬਾਣੀ ਸਿੱਖ ਇਤਿਹਾਸ, ਸਿੱਖ ਰਵਾਇਤਾਂ, ਸਿੱਖ ਰਹਿਤ ਮਰਿਆਦਾ ਅਤੇ ਗੁਰਮਤਿ ਆਸ਼ੇ ਅਨੁਸਾਰ ਸੋਝੀ ਨਹੀਂ ਹੈ। ਇਸ ਲਈ ਜੀਵਨ ਸਿੰਘ ਬਗੀਚੀ ਵਾਲੇ ਦੇ ਪ੍ਰਚਾਰ/ਕੀਰਤਨ ਕਰਨ 'ਤੇ ਰੋਕ ਲਗਾਈ ਜਾਂਦੀ ਹੈ।

## ਗਲ਼ਾ ਘੁੱਟ ਕੀਤਾ ਪਤੀ ਦਾ ਕਤਲ, ਮਗਰੋਂ ਘੜੀ ਸੱਪ ਦੇ 'ਡੰਗ' ਦੀ ਕਹਾਣੀ ! ਹੁਣ ਪਤਨੀ ਤੇ ਪ੍ਰੇਮੀ ਨੂੰ ਹੋਈ ਫਾਂਸੀ ਦੀ ਸਜ਼ਾ



**ਮੇਰਠ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਮੇਰਠ ਜ਼ਿਲ੍ਹੇ ਦੀ ਇਕ ਅਦਾਲਤ ਨੇ ਪਤੀ ਦਾ ਗਲ਼ਾ ਘੁੱਟ ਕੇ ਕਤਲ ਕਰਨ ਅਤੇ ਘਟਨਾ ਨੂੰ ਸੱਪ ਦੇ ਡੰਗਣ ਨਾਲ ਹੋਈ ਮੌਤ ਦਿਖਾਉਣ ਦੇ ਮਾਮਲੇ 'ਚ ਸ਼ੁੱਕਰਵਾਰ ਨੂੰ ਪਤਨੀ ਅਤੇ ਉਸ ਦੇ ਪ੍ਰੇਮੀ ਨੂੰ ਮੌਤ ਦੀ ਸਜ਼ਾ ਸੁਣਾਈ। ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ (ਏਡੀਜੇ-12) ਜੈਵੀਰ ਸਿੰਘ ਨਾਗਰ ਦੀ ਅਦਾਲਤ ਨੇ ਬਹਸੂਮਾ ਖੇਤਰ ਦੇ ਅਕਬਰਪੁਰ ਸਦਾਤ ਪਿੰਡ ਦੇ ਰਹਿਣ ਵਾਲੇ ਅਮਿਤ ਕਸ਼ਯਪ ਉਰਫ਼ ਮਿੱਕੀ ਕਸ਼ਯਪ ਦੇ ਕਤਲ ਕੇਸ 'ਚ 7 ਅਕਤੂਬਰ ਨੂੰ ਉਸ ਦੀ ਪਤਨੀ ਰਵਿਤਾ ਅਤੇ ਉਸ ਦੇ ਪ੍ਰੇਮੀ ਅਮਰਦੀਪ ਨੂੰ ਦੋਸ਼ੀ ਠਹਿਰਾਇਆ ਸੀ। ਦੋਵਾਂ ਦੋਸ਼ੀਆਂ ਨੂੰ ਸ਼ੁੱਕਰਵਾਰ ਨੂੰ ਸਜ਼ਾ ਸੁਣਾਈ ਗਈ। ਇਸ ਤੋਂ ਪਹਿਲਾਂ, ਮੇਰਠ ਦੇ ਚਰਚਿਤ ਨੀਲਾ ਡਰੰਮ (ਸੌਰਭ ਰਾਜਪੂਤ ਕਤਲ) ਕੇਸ 'ਚ ਅਦਾਲਤ ਨੇ ਮ੍ਰਿਤਕ ਦੀ ਪਤਨੀ ਮੁਸਕਾਨ ਰਸਤੋਗੀ ਅਤੇ ਉਸ ਦੇ ਪ੍ਰੇਮੀ ਸਾਹਿਲ ਸ਼ੁਕਲਾ ਨੂੰ ਵੀ ਮੌਤ ਦੀ ਸਜ਼ਾ ਸੁਣਾਈ ਸੀ। ਪੁਲਸ ਦੇ ਅਨੁਸਾਰ, ਅਮਿਤ 13 ਅਪ੍ਰੈਲ 2025 ਦੀ ਸਵੇਰ ਆਪਣੇ ਘਰ 'ਚ ਮੰਜੇ 'ਤੇ ਮ੍ਰਿਤਕ ਪਾਇਆ ਗਿਆ ਸੀ, ਉਸ ਦੇ ਨੇੜੇ ਇਕ ਸੱਪ ਵੀ ਸੀ। ਪੁਲਸ ਨੇ ਦੱਸਿਆ ਕਿ ਪਰਿਵਾਰ ਸੱਪ ਦੇ ਡੰਗਣ ਦੇ ਸ਼ੱਕ 'ਚ ਅਮਿਤ ਨੂੰ ਮੇਰਠ ਦੇ ਪਿਆਰੇ ਲਾਲ ਸ਼ਰਮਾ ਜ਼ਿਲ੍ਹਾ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਦੇ ਅਨੁਸਾਰ, ਪੋਸਟਮਾਰਟਮ ਰਿਪੋਰਟ 'ਚ ਅਮਿਤ ਦੀ ਗਰਦਨ ਅਤੇ ਨੱਕ 'ਤੇ ਸੱਟਾਂ ਦੇ ਨਿਸ਼ਾਨ ਮਿਲੇ ਅਤੇ ਉਸ ਦੀ ਮੌਤ ਗਲਾ ਘੁੱਟਣ ਨਾਲ ਹੋਣ ਦੀ ਪੁਸ਼ਟੀ ਹੋਈ। ਇਸ ਤੋਂ ਬਾਅਦ ਅਮਿਤ ਦੇ ਭਰਾ ਮੋਨੂੰ ਨੇ 16 ਅਪ੍ਰੈਲ ਨੂੰ ਬਹਿਸੂਮਾ ਪੁਲਸ ਥਾਣੇ 'ਚ ਰਵਿਤਾ ਅਤੇ ਅਮਰਦੀਪ ਦੇ ਖਿਲਾਫ ਐੱਫਆਈਆਰ ਦਰਜ ਕਰਵਾਈ। ਪੁਲਸ ਨੇ ਦੱਸਿਆ ਕਿ ਰਵਿਤਾ ਅਤੇ ਅਮਿਤ ਦਾ ਵਿਆਹ ਲਗਭਗ 8 ਸਾਲ ਪਹਿਲਾਂ ਹੋਇਆ ਸੀ ਅਤੇ ਉਨ੍ਹਾਂ ਦੇ ਤਿੰਨ ਬੱਚੇ ਹਨ। ਪੁਲਸ ਦੇ ਅਨੁਸਾਰ, ਅਮਿਤ ਅਤੇ ਅਮਰਦੀਪ ਦੋਸਤ ਸਨ ਅਤੇ ਇਕੱਠੇ ਟਾਇਲ-ਲੇਅਰਿੰਗ ਦਾ ਕੰਮ ਕਰਦੇ ਸਨ। ਪੁਲਸ ਨੇ ਦੱਸਿਆ ਕਿ 8-9 ਮਹੀਨੇ ਪਹਿਲਾਂ ਰਵਿਤਾ ਅਤੇ ਅਮਰਦੀਪ ਵਿਚਾਲੇ ਪ੍ਰੇਮ ਸਬੰਧ ਬਣੇ, ਜਿਸ ਦੀ ਜਾਣਕਾਰੀ ਹੋਣ 'ਤੇ ਪਤੀ-ਪਤਨੀ ਵਿਚਾਲੇ ਵਿਵਾਦ ਹੋਣ ਲੱਗਾ। ਪੁਲਸ ਦੇ ਅਨੁਸਾਰ, ਜਾਂਚ 'ਚ ਸਾਹਮਣੇ ਆਇਆ ਕਿ ਅਮਰਦੀਪ 12 ਅਪ੍ਰੈਲ ਦੀ ਸ਼ਾਮ ਨੂੰ ਇਕ ਸੱਪ ਦਾ ਇੰਤਜ਼ਾਮ ਕਰ ਕੇ ਉਸ ਨੂੰ ਪਿੰਡ ਦੇ ਬਾਹਰ ਝਾੜੀਆਂ 'ਚ ਲੁਕਾ ਕੇ ਰੱਖ ਆਇਆ ਸੀ ਅਤੇ ਉਸੇ ਰਾਤ ਅਮਿਤ ਦੇ ਸੌਣ ਤੋਂ ਬਾਅਦ ਰਵਿਤਾ ਨੇ ਅਮਰਦੀਪ ਨੂੰ ਫੋਨ ਕਰ ਕੇ ਘਰ ਬੁਲਾਇਆ ਅਤੇ ਦੋਵਾਂ ਦੋਸੀਆਂ ਨੇ ਸਾਜਿਸ਼ ਦੇ ਅਧੀਨ ਵਾਰਦਾਤ ਨੂੰ ਅੰਜਾਮ ਦਿੱਤਾ। ਪੁਲਸ ਨੇ ਦੱਸਿਆ ਕਿ ਰਵਿਤਾ ਨੇ ਅਮਿਤ ਦਾ ਮੂੰਹ ਦਬਾਇਆ ਅਤੇ ਅਮਰਦੀਪ ਨੇ ਉਸ ਦਾ ਗਲਾ ਘੁੱਟ ਦਿੱਤਾ, ਜਿਸ ਤੋਂ ਬਾਅਦ ਲਾਸ਼ ਦੇ ਕੋਲ ਇਕ ਸੱਪ ਛੱਡ ਦਿੱਤਾ ਗਿਆ। ਅਮਿਤ ਦੀ ਮਾਂ ਮੁਨੇਸ਼ ਦੇਵੀ ਨੇ ਦੋਸ਼ੀਆਂ ਲਈ ਮੌਤ ਦੀ ਸਜ਼ਾ ਦੀ ਬੇਨਤੀ ਕਰਦੇ ਹੋਏ ਕਿਹਾ ਸੀ ਕਿ ਬੇਟੇ ਦੀ ਮੌਤ ਦਾ ਸਦਮਾ ਉਸ ਦੇ ਪਿਤਾ ਵੀ ਬਰਦਾਸ਼ਤ ਨਹੀਂ ਕਰ ਸਕੇ ਅਤੇ ਉਨ੍ਹਾਂ ਦੀ ਮੌਤ ਹੋ ਗਈ ਸੀ। ਅਮਿਤ ਦੇ ਭਰਾ ਸੰਦੀਪ ਨੇ ਵੀ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਦਿੱਤੇ ਜਾਣ ਦੀ ਅਪੀਲ ਕੀਤੀ ਸੀ।

## ਆਪ ਵਿਧਾਇਕਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕੀਤੀ ਖਿਮਾ ਜਾਚਨਾ

# ਵਿਧਾਇਕ ਗਿਆਸਪੁਰਾ ਦੇ ਜਾਤੀ ਵਿਤਕਰੇ ਸਬੰਧੀ ਬਿਆਨ ਤੋਂ ਕੀਤਾ ਕਿਨਾਰਾ



**ਸ੍ਰੀ ਅੰਮ੍ਰਿਤਸਰ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਮਿਤੀ 12 ਅਕਤੂਬਰ 2026 ਨੂੰ ਪਾਇਲ (ਲੁਧਿਆਣਾ) ਤੋਂ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਬਾਹਰ ਜਾਤ-ਪਾਤ ਅਧਾਰਤ ਵਿਤਕਰੇ ਸਬੰਧੀ ਮੀਡੀਆ ਵਿੱਚ ਝੂਠੇ ਬਿਆਨ ਦਿੱਤੇ ਅਤੇ ਸਿੱਖ ਸੰਸਥਾਵਾਂ ਤੇ ਸਤਿਕਾਰਤ ਸਿੱਖ ਸ਼ਖ਼ਸ਼ੀਅਤਾਂ ਪ੍ਰਤੀ ਅਤਿ ਅਪਮਾਨਜਨਕ ਸ਼ਬਦਾਵਲੀ ਵਰਤੀ। ਇਸ ਦੇ ਮੱਦੇਨਜ਼ਰ ਅੱਜ ਮਿਤੀ 16 ਅਕਤੂਬਰ 2026 ਨੂੰ ਪੰਜਾਬ ਦੇ ਕੁਝ ਵਿਧਾਇਕ ਅਤੇ ਆਪ ਦੇ ਕੁਝ ਸਿਆਸਤਦਾਨ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸਕੱਤਰੇਤ ਵਿਖੇ ਪੇਸ਼ ਹੋਏ। ਆਪ ਵਿਧਾਇਕਾਂ ਨੇ ਆਪਣੀ ਗਲਤੀ ਮੰਨੀ ਕਿ ਜਥੇਦਾਰ ਸਾਹਿਬ ਵੱਲੋਂ ਹੋਏ ਆਦੇਸ਼ ਦੇ ਬਾਵਜੂਦ ਵੀ ਉਨ੍ਹਾਂ ਨੇ 12 ਅਕਤੂਬਰ ਨੂੰ ਬਾਹਰ ਮੀਡੀਆ ਵਿੱਚ ਜਾ ਕੇ ਇਸ ਗੱਲ ਦਾ ਖੰਡਨ ਨਹੀਂ ਕੀਤਾ ਅਤੇ ਨਾ ਹੀ ਸਥਿਤੀ ਸਪੱਸ਼ਟ ਕੀਤੀ ਕਿ ਉਨ੍ਹਾਂ ਨਾਲ ਜਾਤ-ਪਾਤ ਅਧਾਰਤ ਕੋਈ ਵਿਤਕਰਾ ਨਹੀਂ ਹੋਇਆ ਤੇ ਗਿਆਸਪੁਰਾ ਨੇ ਗਲਤ ਟਿੱਪਣੀਆਂ ਕੀਤੀਆਂ ਹਨ। ਅੱਜ ਹਾਜ਼ਰ ਹੋਏ ਵਿਧਾਇਕਾਂ ਨੇ ਗੁਰੂ ਸਾਹਿਬ ਪਾਸੋਂ ਖਿਮਾ ਜਾਚਨਾ ਕੀਤੀ ਅਤੇ ਸਪੱਸ਼ਟ ਕੀਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਉਣ ਤੋਂ ਕਿਸੇ ਨੂੰ ਜਾਤ-ਪਾਤ, ਨਸਲ ਭੇਦ, ਰੰਗ ਭੇਦ ਦੇ ਅਧਾਰ ਉੱਤੇ ਕਦੇ ਵੀ ਨਹੀਂ ਰੋਕਿਆ ਗਿਆ। ਆਪ ਵਿਧਾਇਕਾਂ ਤੇ ਸਿਆਸਤਦਾਨਾਂ ਨੇ ਕਿਹਾ ਕਿ ਗਿਆਸਪੁਰਾ ਵੱਲੋਂ ਕੀਤੀ ਟਿੱਪਣੀ ਨਾਲ ਉਹ ਸਹਿਮਤ ਨਹੀਂ ਹਨ ਅਤੇ ਇਹ ਉਸ ਦੇ ਨਿੱਜੀ ਵਿਚਾਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮੇਰੀ ਮੌਤ 'ਤੇ ਨਾ ਰੋਇਓ...

# ਮੁਲਜ਼ਮ ਅਸ਼ਵਨੀ ਦੀ ਢੱਠੀ ਦੁਕਾਨ 'ਤੇ ਲਾਇਆ ਪਰਵਿੰਦਰ ਝੋਟਾ ਦਾ ਬੈਨਰ




**ਮਾਨਸਾ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਤੋਂ ਬਾਅਦ ਮਾਨਸਾ ਸ਼ਹਿਰ 'ਚ ਤਣਾਅਪੂਰਨ ਮਾਹੌਲ ਦਰਮਿਆਨ ਇਕ ਹੋਰ ਘਟਨਾ ਸਾਹਮਣੇ ਆਈ ਹੈ। ਦਰਅਸਲ ਸ਼ਹਿਰ ਦੇ ਰੇਲਵੇ ਫਾਟਕ ਨੇੜੇ ਸਥਿਤ ਮੁਲਜ਼ਮ ਅਸ਼ਵਨੀ ਕੁਮਾਰ ਦੀ ਕੈਮਿਸਟ ਦੀ ਦੁਕਾਨ ਨੂੰ ਲੋਕਾਂ ਵੱਲੋਂ ਢਾਹ ਕੇ ਅੱਗ ਲਗਾਏ ਜਾਣ ਤੋਂ ਬਾਅਦ ਹੁਣ ਉਸੇ ਥਾਂ 'ਤੇ ਪਰਵਿੰਦਰ ਸਿੰਘ ਝੋਟਾ ਦਾ ਫਲੈਕਸ ਲਗਾ ਦਿੱਤਾ ਗਿਆ ਹੈ। ਇਸ ਫਲੈਕਸ 'ਤੇ ਪਰਵਿੰਦਰ ਸਿੰਘ ਝੋਟਾ ਦੀ ਤਸਵੀਰ ਲਗਾਈ ਗਈ ਹੈ ਅਤੇ ਨਾਲ ਹੀ ਭਾਵੁਕ ਸੰਦੇਸ਼ ਲਿਖਿਆ ਹੋਇਆ ਹੈ, "ਮੇਰੀ ਮੌਤ 'ਤੇ ਨਾ ਰੋਇਓ, ਮੇਰੀ ਸੋਚ ਨੂੰ ਬਚਾਇਓ।" ਇਹ ਸੰਦੇਸ਼ ਝੋਟਾ ਦੀ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਅਤੇ ਉਸ ਦੀ ਸੋਚ ਨੂੰ ਅੱਗੇ ਵਧਾਉਣ ਦੇ ਸੰਕਲਪ ਵਜੋਂ ਵੇਖਿਆ ਜਾ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਪਰਵਿੰਦਰ ਸਿੰਘ ਝੋਟਾ ਇਨਸਾਫ਼ ਕਮੇਟੀ ਵੱਲੋਂ ਇਸ ਥਾਂ 'ਤੇ ਝੋਟਾ ਦਾ ਬੁੱਤ ਸਥਾਪਤ ਕਰਨ ਦੀ ਮੰਗ ਉਠਾਈ ਗਈ ਹੈ। ਕਮੇਟੀ ਵੱਲੋਂ ਇਥੇ ਉਸ ਦੀ ਯਾਦ 'ਚ ਸਮਾਰਕ ਬਣਾਉਣ ਦੀ ਗੱਲ ਵੀ ਕਹੀ ਜਾ ਰਹੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਸ ਦੀ ਨਸ਼ਿਆਂ ਵਿਰੁੱਧ ਲੜਾਈ ਬਾਰੇ ਜਾਣੂੰ ਕਰਵਾਇਆ ਜਾ ਸਕੇ। ਝੋਟਾ ਦੇ ਕਤਲ ਮਗਰੋਂ ਇਲਾਕੇ 'ਚ ਰੋਸ ਲਗਾਤਾਰ ਵੇਖਣ ਨੂੰ ਮਿਲ ਰਿਹਾ ਹੈ। ਇਨਸਾਫ਼ ਦੀ ਮੰਗ ਕਰ ਰਹੇ ਲੋਕਾਂ ਵੱਲੋਂ ਉਸ ਦੀ ਸੋਚ ਨੂੰ ਜਿਉਂਦਾ ਰੱਖਣ ਅਤੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦੀ ਗੱਲ ਕੀਤੀ ਜਾ ਰਹੀ ਹੈ। ਹਾਲਾਂਕਿ, ਕਿਸੇ ਵੀ ਤਰ੍ਹਾਂ ਦੀ ਭੰਨਤੋੜ ਅਤੇ ਅੱਗ ਲਗਾਉਣ ਵਰਗੀਆਂ ਕਾਰਵਾਈਆਂ ਦੀ ਬਜਾਏ ਕਾਨੂੰਨੀ ਰਾਹ ਅਪਣਾਉਣਾ ਜ਼ਰੂਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਲੰਗੋਆਣਾ ਪੁਰਾਣਾ ਵਿਖੇ ਚੱਲ ਰਹੇ ਸਲਾਨਾ ਗੁਰਮਤਿ ਸਮਾਗਮ ਦੌਰਾਨ ਬਾਬਾ ਅਵਤਾਰ ਸਿੰਘ ਸਾਧਾਂ ਵਾਲਿਆਂ ਨੇ ਭਰੀ ਹਾਜ਼ਰੀ, ਸੰਗਤਾਂ ਨੂੰ ਕਥਾ—ਕੀਰਤਨ ਰਾਹੀਂ ਕੀਤਾ ਨਿਹਾਲ

### ਅੱਜ ਦੀ ਹਾਜ਼ਰੀ ਵਿੱਚ ਬਾਬਾ ਅਵਤਾਰ ਸਿੰਘ ਸਾਧਾਂਵਾਲਾ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ








ਫ਼ਿਰੋਜ਼ਪੁਰ, 16 ਅਕਤੂਬਰ (ਮਨੋਹਰ ਲਾਲ) :— ਪਹਿਲੇ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਮਹਾਰਾਜ ਦੇ ਪਾਵਨ ਜੋਤੀ ਜੋਤਿ ਗੁਰਪੁਰਬ ਨੂੰ ਸਮਰਪਿਤ ਅਤੇ ਮਹਾਂਪੁਰਸ਼ ਸੰਤਬਾਬਾ ਪ੍ਰਤਾਪ ਸਿੰਘ ਜੀ ਤੇ ਗੁਰਮੁਖ ਪਿਆਰੇ ਭਾਈ ਵੀਰ ਸਿੰਘ ਜੀ ਦੀ ਯਾਦ ਵਿੱਚ ਪਿੰਡ ਲੰਗੋਆਣਾ ਪੁਰਾਣਾ (ਮੋਗਾ) ਵਿਖੇ ਸਲਾਨਾ ਗੁਰਮਤਿ ਸਮਾਗਮ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਚੱਲ ਰਿਹਾ ਹੈ। ਅੱਜ ਦੇ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚਦਿਆਂ ਬਾਬਾ ਅਵਤਾਰ ਸਿੰਘ ਸਾਧਾਂ ਵਾਲਿਆਂ ਨੇ ਰਸਭਿੰਨੇ ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਹਾਜ਼ਰ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੰਦਿਆਂ ਨਿਹਾਲ ਕੀਤਾ। ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਲਾਭ ਪ੍ਰਾਪਤ ਕੀਤਾ। ਦੱਸਣਯੋਗ ਹੈ ਕਿ ਇਹ ਸਮਾਗਮ 11 ਅਕਤੂਬਰ ਤੋਂ ਸ਼ੁਰੂ ਹੋ ਕੇ 18 ਅਕਤੂਬਰ 2026 (ਦਿਨ ਐਤਵਾਰ) ਤੱਕ ਜਾਰੀ ਰਹੇਗਾ, ਜਿਸ ਵਿੱਚ ਰੋਜ਼ਾਨਾ ਸ਼ਾਮ 7:15 ਤੋਂ 9:15 ਵਜੇ ਤੱਕ ਮਹਾਨ ਸ਼ਖ਼ਸੀਅਤਾਂ ਵੱਲੋਂ ਕਥਾ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾ ਰਿਹਾ ਹੈ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾ ਰਿਹਾ ਹੈ। ਇਸ ਮੌਕੇ ਗੁਰਦੁਆਰਾ ਹਰਗੋਬਿੰਦਸਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਸਾਧੂ ਸਿੰਘ, ਹੈਡ ਗ੍ਰੰਥੀ ਬਾਬਾ ਗੁਰਦਿਆਲ ਸਿੰਘ, ਭਾਈ ਰਣਜੀਤ ਸਿੰਘ, ਭਾਈ ਬਲਵਿੰਦਰ ਸਿੰਘ ਨੇ ਇਲਾਕੇ ਭਰ ਦੀਆਂ ਸੰਗਤਾ ਨੂੰ ਬੇਨਤੀ ਕੀਤੀ ਕਿ 18 ਅਕਤੂਬਰ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ ਅਤੇ ਸੰਗਤਾਂ ਭਾਰੀ ਗਿਣਤੀ ਵਿਚ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੋ।

ਆਵਾਜ਼ਿ ਕੌਮ AWAZE QAUM International Newspaper & WEB TV

## ਪਰਵਿੰਦਰ ਝੋਟੇ ਦੇ ਕਤਲ ਮਗਰੋਂ ਅੱਗਜ਼ਨੀ, ਭੰਨਤੋੜ ਤੇ ਭੜਕਾਊ ਭਾਸ਼ਣ ਦੇਣ ਵਾਲਿਆਂ ਖ਼ਿਲਾਫ਼ ਪਰਚਾ ਦਰਜ




**ਮਾਨਸਾ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨਸ਼ਾ ਖ਼ਿਲਾਫ਼ ਲੜਾਈ ਲੜਣ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਹੋਏ ਵਿਰੋਧ ਪ੍ਰਦਰਸ਼ਨਾਂ ਦੌਰਾਨ ਹੋਈ ਅੱਗਜ਼ਨੀ, ਭੰਨਤੋੜ ਅਤੇ ਭੜਕਾਊ ਭਾਸ਼ਣ ਦੇਣ ਦੇ ਮਾਮਲੇ ਵਿਚ ਪੁਲਸ ਨੇ 2 ਪਰਚੇ ਦਰਜ ਕੀਤੇ ਹਨ। ਡੀ.ਆਈ.ਜੀ. ਹਰਜੀਤ ਸਿੰਘ ਅਨੁਸਾਰ ਹਿੰਸਾ ਅਤੇ ਭੰਨਤੋੜ ਕਰਨ ਵਾਲੇ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਉਨ੍ਹਾਂ ਦੀ ਜਲਦ ਗ੍ਰਿਫ਼ਤਾਰੀ ਕੀਤੀ ਜਾਵੇਗੀ। ਦੂਜੇ ਇਲਾਕਿਆਂ ਤੋਂ ਆ ਕੇ ਮਾਹੌਲ ਖ਼ਰਾਬ ਕਰਨ ਵਾਲੇ ਅਨਸਰਾਂ 'ਤੇ ਵੀ ਪੁਲਸ ਵੱਲੋਂ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਇੱਥੇ ਦੱਸ ਦਈਏ ਕਿ ਮਾਨਸਾ ਵਿਚ ਪਰਵਿੰਦਰ ਸਿੰਘ ਝੋਟੇ ਦਾ ਇਕ ਮੈਡੀਕਲ ਸਟੋਰ ਦੇ ਮਾਲਕ ਅਸ਼ਵਨੀ ਕੁਮਾਰ ਵੱਲੋਂ ਸ਼ਰੇਆਮ ਗੋਲ਼ੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਇਸ ਕਤਲ ਮਗਰੋਂ ਲੋਕ ਸੜਕਾਂ 'ਤੇ ਉਤਰ ਆਏ ਤੇ 15 ਅਕਤੂਬਰ ਨੂੰ 'ਪੰਜਾਬ ਬੰਦ' ਰੱਖਿਆ ਗਿਆ। ਪਰਿਵਾਰ ਵੱਲੋਂ ਇਸ ਮਾਮਲੇ ਦੀ ਸੀ.ਬੀ.ਆਈ. ਜਾਂਚ ਕਰਵਾਉਣ, ਡਰੱਗ ਇੰਸਪੈਕਟਰ ਤੇ ਸਬੰਧਤ ਪੁਲਸ ਅਫ਼ਸਰਾਂ ਖ਼ਿਲਾਫ਼ ਕਾਰਵਾਈ ਸਣੇ ਹੋਰ ਮੰਗਾਂ ਨੂੰ ਲੈ ਕੇ ਧਰਨਾ ਦਿੱਤਾ ਜਾ ਰਿਹਾ ਹੈ। ਪਰਿਵਾਰ ਦਾ ਕਹਿਣਾ ਹੈ ਕਿ ਮੰਗਾਂ ਪੂਰੀਆਂ ਹੋਣ ਤਕ ਉਹ ਪਰਵਿੰਦਰ ਸਿੰਘ ਝੋਟੇ ਦਾ ਸਸਕਾਰ ਨਹੀਂ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ 'ਚ ਵੱਡਾ ਰੇਲ ਹਾਦਸਾ, ਡੱਬੇ ਪਟੜੀ ਤੋਂ ਉਤਰਨ ਮਗਰੋਂ ਪਲਟੇ



**ਰਾਮਪੁਰਾ ਫੂਲ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਤੋਂ ਅੰਬਾਲਾ ਵੱਲ ਜਾ ਰਹੀ ਰਨ-ਥਰੂ ਇਕ ਮਾਲ ਗੱਡੀ ਦੇ ਕੁਝ ਡੱਬੇ ਸ਼ੁੱਕਰਵਾਰ ਤੜਕਸਾਰ ਸ਼ਹਿਰ ਰਾਮਪੁਰਾ ਫੂਲ ਵਿਖੇ ਸਟੇਸ਼ਨ ਤੋਂ ਪਹਿਲਾਂ ਹੀ ਅਚਾਨਕ ਪਟੜੀ ਤੋਂ ਉਤਰ ਗਏ ਅਤੇ ਪਲਟ ਗਏ। ਇਸ ਘਟਨਾ ਕਾਰਨ ਰੇਲਵੇ ਟਰੈਕ ਬੰਦ ਹੋ ਗਿਆ ਪਰ ਰਾਹਤ ਦੀ ਗੱਲ ਇਹ ਰਹੀ ਕਿ ਹਾਦਸੇ ਵਿਚ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ। ਜਾਣਕਾਰੀ ਮੁਤਾਬਕ ਉਕਤ ਟਰੇਨ ਦੇ ਇਕ ਡਿੱਬੇ ਦੇ ਐਕਸਲ ਵੀਲ (ਪਹੀਏ) ਨਿਕਲਣ ਕਾਰਨ ਇਹ ਹਾਦਸਾ ਵਾਪਰਿਆ ਪਰ ਰੇਲਵੇ ਅਧਿਕਾਰੀਆਂ ਨੇ ਇਸ ਹਾਦਸੇ ਦੇ ਕਾਰਨਾਂ ਨੂੰ ਲੈ ਕੇ ਇਸ ਸਬੰਧ ਵਿਚ ਅਧਿਕਾਰਿਤ ਤੌਰ 'ਤੇ ਕੋਈ ਪੁਸ਼ਟੀ ਨਹੀਂ ਕੀਤੀ। ਜਾਣਕਾਰੀ ਮੁਤਾਬਕ ਉਕਤ ਮਾਲ ਗੱਡੀ ਰਾਹੀਂ ਵਿਚ ਇਕ ਕੰਪਨੀ ਦੀਆਂ ਕਾਰਾਂ ਲੋਡ ਕਰਕੇ ਬਠਿੰਡੇ ਤੋਂ ਅੰਬਾਲੇ ਵੱਲ ਲਿਜਾਈਆਂ ਜਾ ਰਹੀਆਂ ਸਨ। ਫਿਲਹਾਲ ਟਰੈਕ ਬੰਦ ਹੈ ਅਤੇ ਰੇਲਵੇ ਅਧਿਕਾਰੀਆਂ ਵੱਲੋਂ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਹੈ ਅਤੇ ਟਰੈਕ ਨੂੰ ਜਲਦ ਤੋਂ ਜਲਦ ਖੋਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਜੋਧਪੁਰ-ਬੰਦੀ ਮੁੜਵਸੇਬਾ ਕਮੇਟੀ (ਪੰਜਾਬ) ਵੱਲੋਂ

# ਅੱਜ ਮੋਗਾ ਵਿਖੇ ਹੋਈ ਮੀਟਿੰਗ



**ਮੋਗਾ, 16 ਅਕਤੂਬਰ (ਆਵਾਜਿ ਕੌਮ ਬਿਉਰੋ ਰਿਪੋਰਟ/ਗੁਰਪ੍ਰੀਤ ਸਿੰਘ)** -ਅੱਜ ਜ਼ਿਲ੍ਹਾ ਮੋਗਾ ਵਿਖੇ ਸਰਦਾਰ ਮੱਘਰ ਸਿੰਘ ਦੇ ਗ੍ਰਹਿ ਵਿਖੇ ਜੋਧਪੁਰ - ਬੰਦੀ ਮੁੜ ਵਸੇਬਾ ਕਮੇਟੀ ਦੀ ਮੀਟਿੰਗ ਹੋਈ, ਜਿਸ ਵਿੱਚ ਵੱਖ ਵੱਖ ਸ਼ਹਿਰਾਂ ਤੋਂ ਜੋਧਪੁਰੀ ਸਿੰਘ ਅਤੇ ਉਨਾਂ ਦੀਆਂ ਧਰਮਪਤਨੀਆਂ ਨੇ ਹਾਜ਼ਰੀ ਭਰੀ। ਚੱਲ ਰਹੀਆਂ ਸਰਗਰਮੀਆਂ ਤੇ ਗੱਲਬਾਤ ਹੋਈ। ਇਸ ਉਪਰੰਤ ਮੀਟਿੰਗ ਵਿੱਚ ਹਾਜ਼ਰ ਸਾਰੇ ਜੋਧਪੁਰ ਸਿੰਘਾਂ ਵੱਲੋਂ ਫ਼ੈਸਲਾ ਲੈ ਕੇ ਜੱਥੇਦਾਰ ਮੱਘਰ ਸਿੰਘ ਜੀ ਨੂੰ ਇਸ ਕਮੇਟੀ ਦਾ ਪ੍ਰਧਾਨ ਚੁਣਿਆ ਗਿਆ, ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਅਗਲੇ ਫ਼ੈਸਲੇ ਅਤੇ ਗੱਲਬਾਤ ਆਉਣ ਵਾਲੀ ਮੀਟਿੰਗ ਵਿੱਚ ਲਏ ਜਾਣਗੇ। ਇਸ ਉਪਰੰਤ ਹਾਜ਼ਰ ਸਰਦਾਰ ਬਸੰਤ ਸਿੰਘ ਡਾਲਾ, ਸਰਦਾਰ ਦਲਵੀਰ ਸਿੰਘ ਕੈਰੋਵਾਲ, ਸਰਦਾਰ ਕਰਨੈਲ ਸਿੰਘ ਜੋਧਪੁਰੀ ਸ਼ਾਹਕੋਟ, ਬਾਬਾ ਬੂਟਾ ਸਿੰਘ ਜੀ ਜੋਧਪੁਰ, ਸਰਦਾਰ ਇਕਬਾਲ ਸਿੰਘ ਚੱਬਾ, ਸਰਦਾਰ ਪਰਮਜੀਤ ਸਿੰਘ ਅੰਮ੍ਰਿਤਸਰ ਸਾਹਿਬ, ਸਰਦਾਰ ਬਲਦੇਵ ਸਿੰਘ ਜੌਹਲ ਗੁਰਦਾਸਪੁਰ, ਸਰਦਾਰ ਦਰਸ਼ਨ ਸਿੰਘ ਕਪੂਰਥਲਾ, ਡਾਕਟਰ ਰਣਜੀਤ ਸਿੰਘ ਸੰਗਰੂਰ, ਸਰਦਾਰ ਬੂਟਾ ਸਿੰਘ ਖੇਲਾ, ਸਰਦਾਰ ਪ੍ਰਿਤਪਾਲ ਸਿੰਘ ਅੰਮ੍ਰਿਤਸਰ ਸਾਹਿਬ, ਸਰਦਾਰ ਬਲਜੀਤ ਸਿੰਘ ਰਾਹੋਂ, ਸਰਦਾਰ ਜਸਵਿੰਦਰ ਸਿੰਘ ਡਰੋਲੀ, ਸਰਦਾਰ ਅਮਰਜੀਤ ਸਿੰਘ ਰੰਧਾਵਾ ਚੰਡੀਗੜ੍ਹ, ਸਰਦਾਰ ਕੋਮਲ ਸਿੰਘ ਮਨਾਵਾਂ, ਬੀਬੀ ਰੁਪਿੰਦਰ ਕੌਰ ਜੀ ਬੁਢਲਾਡਾ, ਬੀਬੀ ਮਨਪ੍ਰੀਤ ਕੌਰ ਜੀ ਮੋਗਾ, ਸਰਦਾਰ ਜਸਵੰਤ ਸਿੰਘ ਮੋਗਾ, ਸਰਦਾਰ ਗੁਰਪ੍ਰੀਤ ਸਿੰਘ ਮੋਗਾ, ਜਥੇਦਾਰ ਪੂਰਨ ਸਿੰਘ ਘੋਲੀਆ, ਸਰਦਾਰ ਵਿਰਸਾ ਸਿੰਘ ਗੁਰਦੁਆਰਾ, ਸਰਦਾਰ ਕੁਲਬੀਰ ਸਿੰਘ ਗੰਡੀਵਿੰਡ ਆਦਿ।

ਆਵਾਜ਼ਿ ਕੌਮ AWAZE QAUM International Newspaper & WEB TV

ਆਮ ਆਦਮੀ ਪਾਰਟੀ ਦਾ ਹਲਕਾ ਪਾਇਲ ਲੁਧਿਆਣਾ ਤੋਂ

# ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਤਨਖਾਹੀਆ ਕਰਾਰ









**ਅੰਮ੍ਰਿਤਸਰ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-"ਅੱਜ ਮਿਤੀ 30 ਅੱਸੂ ਨਾਨਕਸ਼ਾਹੀ ਸੰਮਤ 558 ਮੁਤਾਬਕ 16 ਅਕਤੂਬਰ 2026 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਮਨਵਿੰਦਰ ਸਿੰਘ ਗਿਆਸਪੁਰਾ ਵਿਧਾਇਕ, ਹਲਕਾ ਪਾਇਲ, ਲੁਧਿਆਣਾ ਦਾ ਮਾਮਲਾ ਵਿਚਾਰਿਆ ਗਿਆ। ਮਿਤੀ 12 ਅਕਤੂਬਰ 2026 ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਮ ਆਦਮੀ ਪਾਰਟੀ ਨਾਲ ਸਬੰਧਤ ਕੁਝ ਵਿਧਾਇਕ ਤੇ ਸਿਆਸਤਦਾਨ ਆਏ ਸਨ, ਜਿਸ ਦੌਰਾਨ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਉਸ ਵੱਲੋਂ ਪਹਿਲਾਂ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਿੱਖ ਸੰਸਥਾਵਾਂ ਬਾਰੇ ਘਟੀਆ ਤੇ ਅਪਮਾਨਜਨਕ ਸ਼ਬਦਾਵਲੀ ਬੋਲਣ ਕਰਕੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਅੰਦਰ ਆਉਣ ਤੋਂ ਸਿੰਘ ਸਾਹਿਬ ਜੀ ਦੇ ਆਦੇਸ਼ ਅਨੁਸਾਰ ਰੋਕਿਆ ਗਿਆ ਸੀ ਅਤੇ ਹਾਜਰ ਹੋਏ ਵਿਧਾਇਕਾਂ ਨੂੰ ਇਸ ਦੀ ਜਾਣਕਾਰੀ ਵੀ ਦਿੱਤੀ ਗਈ ਸੀ। ਪਰ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਗੁਰੂ ਸਾਹਿਬ ਦੇ ਸਿਰਜੇ ਤਖ਼ਤ ਸਾਹਿਬ ਬਾਰੇ ਝੂਠ ਬੋਲਦਿਆਂ ਸ੍ਰੀ ਦਰਬਾਰ ਸਾਹਿਬ ਦੇ ਸੇਵਾਦਾਰਾਂ ਉੱਤੇ ਜਾਤੀ ਵਿਤਕਰੇ ਦੇ ਝੂਠੇ ਦੋਸ਼ ਲਗਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਬਾਰੇ ਅਤਿ ਘਟੀਆ ਸ਼ਬਦਵਾਲੀ ਵਰਤੀ ਗਈ ਜਿਸ ਨਾਲ ਦੁਨੀਆਂ ਵਿਚ ਵਸਦੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਤੇ ਖ਼ਾਲਸਾ ਪੰਥ ਦੇ ਹਿਰਦਿਆਂ ਨੂੰ ਡੂੰਘੀ ਠੇਸ ਪਹੁੰਚੀ ਹੈ।

ਅੱਜ ਮਿਤੀ 16 ਅਕਤੂਬਰ 2026 ਨੂੰ ਵਫ਼ਦ ਰੂਪ ਵਿਚ ਆਏ ਵਿਧਾਇਕਾਂ ਨੇ ਮੰਨਿਆ ਕਿ ਮਨਵਿੰਦਰ ਸਿੰਘ ਗਿਆਸਪੁਰਾ ਨੇ ਜਾਣਬੁੱਝ ਕੇ ਜਾਤ ਦਾ ਮੁੱਦਾ ਬਣਾਇਆ, ਜਦਕਿ ਉਸ ਦਿਨ ਇਸ ਤਰ੍ਹਾਂ ਦੀ ਕੋਈ ਗੱਲ ਨਹੀਂ ਹੋਈ। ਮਨਵਿੰਦਰ ਸਿੰਘ ਗਿਆਸਪੁਰਾ ਨਿੱਜੀ ਸਿਆਸੀ ਲਾਭ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਅਤੇ ਸਿੱਖ ਸਿਧਾਂਤ "ਜਾਣਹੁ ਜੋਤਿ ਨ ਪੂਛਹੁ ਜਾਤੀ ਆਗੈ ਜਾਤਿ ਨ ਹੇ॥" ਦੇ ਉਲਟ ਚੱਲਿਆ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅੰਮ੍ਰਿਤ ਦੀ ਦਾਤ ਬਖ਼ਸ਼ ਕੇ ਜਾਤ-ਪਾਤ, ਊਚ-ਨੀਚ, ਭੇਦ-ਭਾਵ, ਛੂਤ-ਛਾਤ, ਨਸਲ ਭੇਦ, ਰੰਗ ਭੇਦ ਆਦਿ ਵਿਤਕਰੇ ਖਤਮ ਕੀਤੇ ਹਨ। ਪਰ ਇਸ ਨੇ ਅੰਮ੍ਰਿਤਧਾਰੀ ਹੋ ਕੇ ਜਾਤ ਪਾਤ ਅਧਾਰਤ ਝੂਠਾ ਤੇ ਨਫ਼ਰਤ ਫਲਾਉਣ ਦਾ ਬਿਰਤਾਂਤ ਸਿਰਜਿਆ ਹੈ, ਜਿਸ ਕਰਕੇ ਬਹੁਤ ਸਾਰੇ ਸਿੱਖ ਵਿਰੋਧੀ ਅਨਸਰਾਂ ਨੇ ਸਿੱਖ ਸੰਥਾਵਾਂ ਤੇ ਸਿੱਖ ਧਰਮ ਦੇ ਖਿਲਾਫ ਝੂਠਾ ਪ੍ਰਾਪੇਗੰਡਾ ਸ਼ੁਰੂ ਕੀਤਾ। ਇਸ ਨੇ ਸੱਚ ਦੇ ਤਖ਼ਤ ਅਤੇ ਮਨੁੱਖਤਾ ਨੂੰ ਕਲਾਵੇ ਵਿਚ ਲੈਣ ਵਾਲੇ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਬਾਰੇ ਕੁਫ਼ਰ ਤੋਲਿਆ ਹੈ। ਇਸ ਦਾ ਗੁਨਾਹ ਬਹੁਤ ਗੰਭੀਰ ਅਤੇ ਸਿੱਖ ਸਿਧਾਂਤਾਂ ਨੂੰ ਢਾਹ ਲਗਾਉਣ ਵਾਲਾ ਹੈ, ਇਸ ਲਈ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਤਨਖਾਹੀਆ ਕਰਾਰ ਦਿੱਤਾ ਜਾਂਦਾ ਹੈ। ਸਿੱਖ ਇਸ ਨਾਲ ਸਾਂਝ ਰੱਖਣ ਤੋਂ ਗੁਰੇਜ ਕਰਨ।"

ਆਵਾਜ਼ਿ ਕੌਮ AWAZE QAUM International Newspaper & WEB TV

## ਜੀਵਨ ਸਿੰਘ ਬਗੀਚੀ ਵਾਲਾ ਦੇ ਕੀਰਤਨ ਕੇ ਪ੍ਰਚਾਰ ਉੱਤੇ ਰੋਕ





**ਬਗੀਚੀ ਵਾਲਾ ਸਬੰਧੀ ਆਦੇਸ਼**-"ਅੱਜ ਮਿਤੀ 30 ਅੱਸੂ ਨਾਨਕਸ਼ਾਹੀ ਸੰਮਤ 558 ਮੁਤਾਬਕ 16 ਅਕਤੂਬਰ 2026 ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਜੀਵਨ ਸਿੰਘ ਬਗੀਚੀ ਵਾਲੇ ਨਾਮਕ ਆਪੇ ਬਣੇ ਪ੍ਰਚਾਰਕ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਗੁਰਬਾਣੀ ਸਿੱਖ ਰਵਾਇਤਾਂ, ਸਿੱਖ ਰਹਿਤ ਮਰਿਆਦਾ, ਸਿੱਖ ਇਤਿਹਾਸ ਦੇ ਉਲਟ ਕੀਤੀਆਂ ਜਾ ਰਹੀਆਂ ਵਿਵਾਦਤ ਟਿੱਪਣੀਆਂ, ਚਵਰ ਛਤਰ ਤਖ਼ਤ ਦੇ ਮਾਲਕ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਿਆਈ ਨੂੰ ਚੁਣੌਤੀ ਦੇਣ ਦੇ ਮਸਲੇ ਨੂੰ ਵਿਚਾਰਿਆ ਗਿਆ।ਇਹ ਵਿਚਾਰ ਹੋਈ ਹੈ ਕਿ ਜੀਵਨ ਸਿੰਘ ਬਗੀਚੀ ਵਾਲੇ ਨੂੰ ਗੁਰਬਾਣੀ ਸਿੱਖ ਇਤਿਹਾਸ, ਸਿੱਖ ਰਵਾਇਤਾਂ, ਸਿੱਖ ਰਹਿਤ ਮਰਿਆਦਾ ਅਤੇ ਗੁਰਮਤਿ ਆਸ਼ੇ ਅਨੁਸਾਰ ਸੋਝੀ ਨਹੀਂ ਹੈ।ਇਸ ਲਈ ਜੀਵਨ ਸਿੰਘ ਬਗੀਚੀ ਵਾਲੇ ਦੇ ਪ੍ਰਚਾਰ/ਕੀਰਤਨ ਕਰਨ 'ਤੇ ਰੋਕ ਲਗਾਈ ਜਾਂਦੀ ਹੈ।"



# ਕੱਤਕ ਦੀ ਸੰਗਰਾਂਦ ਅੱਜ

**ਬਾਰਹ ਮਾਹਾ ਮਾਂਝ ਮਹਲਾ ੫ ਘਰੁ ੪**
**ੴ ਸਤਿਗੁਰ ਪ੍ਰਸਾਦਿ ॥**

ਕਤਿਕਿ ਕਰਮ ਕਮਾਵਣੇ ਦੋਸੁ ਨ ਕਾਹੂ ਜੋਗੁ ॥ ਪਰਮੇਸਰ ਤੇ ਭੁਲਿਆਂ ਵਿਆਪਨਿ ਸਭੇ ਰੋਗ ॥ ਵੇਮੁਖ ਹੋਏ ਰਾਮ ਤੇ ਲਗਨਿ ਜਨਮ ਵਿਜੋਗ ॥ ਖਿਨ ਮਹਿ ਕਉੜੇ ਹੋਇ ਗਏ ਜਿਤੜੇ ਮਾਇਆ ਭੋਗ ॥ ਵਿਚੁ ਨ ਕੋਈ ਕਰਿ ਸਕੈ ਕਿਸ ਥੈ ਰੋਵਹਿ ਰੋਜ ॥ ਕੀਤਾ ਕਿਛੂ ਨ ਹੋਵਈ ਲਿਖਿਆ ਧੁਰਿ ਸੰਜੋਗ ॥ ਵਡਭਾਗੀ ਮੇਰਾ ਪ੍ਰਭੁ ਮਿਲੈ ਤਾਂ ਉਤਰਹਿ ਸਭਿ ਬਿਓਗ ॥ ਨਾਨਕ ਕਉ ਪ੍ਰਭ ਰਾਖਿ ਲੇਹਿ ਮੇਰੇ ਸਾਹਿਬ ਬੰਦੀ ਮੋਚ ॥ ਕਤਿਕ ਹੋਵੈ ਸਾਧਸੰਗੁ ਬਿਨਸਹਿ ਸਭੇ ਸੋਚ ॥੯॥ **(ਅੰਗ ੧੩੫)**

**ਵਿਆਖਿਆ :-**

ਕੱਤਕ (ਦੀ ਸੁਹਾਵਣੀ ਰੁੱਤ) ਵਿਚ (ਭੀ ਜੇ ਪ੍ਰਭੂ-ਪਤੀ ਨਾਲੋਂ ਵਿਛੋੜਾ ਰਿਹਾ ਤਾਂ ਇਹ ਆਪਣੇ) ਕੀਤੇ ਕਰਮਾਂ ਦਾ ਸਿੱਟਾ ਹੈ, ਕਿਸੇ ਹੋਰ ਦੇ ਮੱਥੇ ਕੋਈ ਦੋਸ ਨਹੀਂ ਲਾਇਆ ਜਾ ਸਕਦਾ। ਪਰਮੇਸਰ (ਦੀ ਯਾਦ) ਤੋਂ ਖੁੰਝਿਆਂ (ਦੁਨੀਆ ਦੇ) ਸਾਰੇ ਦੁੱਖ-ਕਲੇਸ ਜੋਰ ਪਾ ਲੈਂਦੇ ਹਨ। ਜਿਨ੍ਹਾਂ ਨੇ (ਇਸ ਜਨਮ ਵਿਚ) ਪਰਮਾਤਮਾ ਦੀ ਯਾਦ ਵੱਲੋਂ ਮੂੰਹ ਮੋੜੀ ਰੱਖਿਆ, ਉਹਨਾਂ ਨੂੰ (ਫਿਰ) ਲੰਮੇ ਵਿਛੋੜੇ ਪੈ ਜਾਂਦੇ ਹਨ। ਜੇਹੜੀਆਂ ਮਾਇਆ ਦੀਆਂ ਮੌਜਾਂ (ਦੀ ਖਾਤਰ ਪ੍ਰਭੂ ਨੂੰ ਭੁਲਾ ਦਿੱਤਾ ਸੀ, ਉਹ ਭੀ) ਇਕ ਪਲ ਵਿਚ ਦੁਖਦਾਈ ਹੋ ਜਾਂਦੀਆਂ ਹਨ, (ਉਸ ਦੁਖੀ ਹਾਲਤ ਵਿਚ) ਕਿਸੇ ਪਾਸ ਭੀ ਨਿਤ ਰੋਣੇ ਰੋਣ ਦਾ ਕੋਈ ਲਾਭ ਨਹੀਂ ਹੁੰਦਾ, (ਕਿਉਂਕਿ ਦੁੱਖ ਤਾਂ ਹੈ ਵਿਛੋੜੇ ਦੇ ਕਾਰਨ, ਤੇ ਵਿਛੋੜੇ ਨੂੰ ਦੂਰ ਕਰਨ ਲਈ) ਕੋਈ ਵਿਚੋਲਾ-ਪਨ ਨਹੀਂ ਕਰ ਸਕਦਾ। (ਦੁਖੀ ਜੀਵ ਦੀ ਆਪਣੀ) ਕੋਈ ਪੇਸ ਨਹੀਂ ਜਾਂਦੀ, (ਪਿਛਲੇ ਕੀਤੇ ਕਰਮਾਂ ਅਨੁਸਾਰ) ਧੁਰੋਂ ਹੀ ਲਿਖੇ ਲੇਖਾਂ ਦੀ ਬਿਧ ਆ ਬਣਦੀ ਹੈ। (ਹਾਂ!) ਜੇ ਚੰਗੇ ਭਾਗਾਂ ਨੂੰ ਪ੍ਰਭੂ (ਆਪ) ਆ ਮਿਲੇ, ਤਾਂ ਵਿਛੋੜੇ ਤੋਂ ਪੈਦਾ ਹੋਏ ਸਾਰੇ ਦੁੱਖ ਮਿਟ ਜਾਂਦੇ ਹਨ। (ਨਾਨਕ ਦੀ ਤਾਂ ਇਹੀ ਬੇਨਤੀ ਹੈ-) ਹੇ ਮਾਇਆ ਦੇ ਬੰਧਨਾਂ ਤੋਂ ਛੁਡਾਵਣ ਵਾਲੇ ਮੇਰੇ ਮਾਲਕ! ਨਾਨਕ ਨੂੰ (ਮਾਇਆ ਦੇ ਮੋਹ ਤੋਂ) ਬਚਾ ਲੈ। ਕੱਤਕ (ਦੀ ਸੁਆਦਲੀ ਰੁੱਤ) ਵਿਚ ਜਿਨ੍ਹਾਂ ਨੂੰ ਸਾਧ ਸੰਗਤ ਮਿਲ ਜਾਏ, ਉਹਨਾਂ ਦੇ (ਵਿਛੋੜੇ ਵਾਲੇ) ਸਾਰੇ ਚਿੰਤਾ ਝੋਰੇ ਮੁੱਕ ਜਾਂਦੇ ਹਨ ॥੯॥

ਸੋਰਠਿ ਮਹਲਾ ੫ ॥

ਗੁਰਿ ਪੂਰੈ ਕੀਤੀ ਪੂਰੀ ॥ ਪ੍ਰਭੁ ਰਵਿ ਰਹਿਆ ਭਰਪੂਰੀ ॥ ਖੇਮ ਕੁਸਲ ਭਇਆ ਇਸਨਾਨਾ ॥ ਪਾਰਬ੍ਰਹਮ ਵਿਟਹੁ ਕੁਰਬਾਨਾ ॥੧॥ ਗੁਰ ਕੇ ਚਰਨ ਕਵਲ ਰਿਦ ਧਾਰੇ ॥ ਬਿਘਨੁ ਨ ਲਾਗੈ ਤਿਲ ਕਾ ਕੋਈ ਕਾਰਜ ਸਗਲ ਸਵਾਰੇ ॥੧॥ ਰਹਾਉ ॥ ਮਿਲਿ ਸਾਧੂ ਦੁਰਮਤਿ ਖੋਏ ॥ ਪਤਿਤ ਪੁਨੀਤ ਸਭ ਹੋਏ ॥ ਰਾਮਦਾਸਿ ਸਰੋਵਰ ਨਾਤੇ ॥ ਸਭ ਲਾਥੇ ਪਾਪ ਕਮਾਤੇ ॥੨॥ ਗੁਨ ਗੋਬਿੰਦ ਨਿਤ ਗਾਈਐ ॥ ਸਾਧਸੰਗਿ ਮਿਲਿ ਧਿਆਈਐ ॥ ਮਨ ਬਾਂਛਤ ਫਲ ਪਾਏ ॥ ਗੁਰੁ ਪੂਰਾ ਰਿਦੈ ਧਿਆਏ ॥੩॥ ਗੁਰ ਗੋਪਾਲ ਆਨੰਦਾ ॥ ਜਪਿ ਜਪਿ ਜੀਵੈ ਪਰਮਾਨੰਦਾ ॥ ਜਨ ਨਾਨਕ ਨਾਮੁ ਧਿਆਇਆ ॥ ਪ੍ਰਭ ਅਪਨਾ ਬਿਰਦੁ ਰਖਾਇਆ ॥੪॥੧੦॥੬੦॥

ਅਰਥ : ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੇ ਕੌਲ ਫੁੱਲ ਵਰਗੇ ਕੋਮਲ ਚਰਨ ਆਪਣੇ ਹਿਰਦੇ ਵਿਚ ਵਸਾ ਲਏ, (ਉਸ ਦੀ ਜ਼ਿੰਦਗੀ ਦੇ ਰਸਤੇ ਵਿਚ) ਰਤਾ ਭਰ ਭੀ ਕੋਈ ਰੁਕਾਵਟ ਨਹੀਂ ਆਉਂਦੀ। ਗੁਰੂ ਉਸ ਦੇ ਸਾਰੇ ਕੰਮ ਸਵਾਰ ਦੇਂਦਾ ਹੈ।੧।ਰਹਾਉ। ਹੇ ਭਾਈ! ਪੂਰੇ ਗੁਰੂ ਨੇ (ਮੈਨੂੰ ਆਤਮਕ ਜੀਵਨ ਵਿਚ) ਸਫਲਤਾ ਦਿੱਤੀ ਹੈ, (ਮੈਨੂੰ) ਪਰਮਾਤਮਾ ਹਰ ਥਾਂ ਵਿਆਪਕ ਦਿੱਸ ਰਿਹਾ ਹੈ। ਮੇਰੇ ਅੰਦਰ ਆਤਮਕ ਸੁਖ ਆਨੰਦ ਬਣ ਗਿਆ ਹੈ-ਇਹ ਹੈ ਇਸਨਾਨ (ਜੋ ਮੈਂ ਗੁਰੂ-ਸਰ ਵਿਚ ਕੀਤਾ ਹੈ)। ਮੈਂ ਪਰਮਾਤਮਾ ਤੋਂ ਸਦਕੇ ਜਾਂਦਾ ਹਾਂ (ਜਿਸ ਨੇ ਮੈਨੂੰ ਗੁਰੂ ਮਿਲਾ ਦਿੱਤਾ ਹੈ)।੧। ਹੇ ਭਾਈ! ਗੁਰੂ ਨੂੰ ਮਿਲ ਕੇ ਮਨੁੱਖ ਖੋਟੀ ਮਤਿ ਦੂਰ ਕਰ ਲੈਂਦਾ ਹੈ। ਵਿਕਾਰੀ ਮਨੁੱਖ ਭੀ ਗੁਰੂ ਨੂੰ ਮਿਲ ਕੇ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ। ਜੇਹੜੇ ਭੀ ਮਨੁੱਖ ਰਾਮ ਦੇ ਦਾਸਾਂ ਦੇ ਸਰੋਵਰ ਵਿਚ (ਗੁਰੂ ਦੀ ਸੰਗਤਿ ਵਿਚ ਆਤਮਕ) ਇਸਨਾਨ ਕਰਦੇ ਹਨ (ਮਨ ਨੂੰ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਇਸਨਾਨ ਕਰਾਂਦੇ ਹਨ) ਉਹਨਾਂ ਦੇ ਸਾਰੇ (ਪਿਛਲੇ) ਕਮਾਏ ਹੋਏ ਪਾਪ ਲਹਿ ਜਾਂਦੇ ਹਨ।੨। ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਸਦਾ ਪ੍ਰਭੂ ਦੀ ਸਿਫਤਿ-ਸਾਲਾਹ ਦੇ ਗੀਤ ਗਾਣੇ ਚਾਹੀਦੇ ਹਨ। ਜੇਹੜਾ ਮਨੁੱਖ ਪੂਰੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ, ਉਹ (ਪ੍ਰਭੂ-ਦਰ ਤੋਂ) ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ।੩। ਹੇ ਦਾਸ ਨਾਨਕ! (ਆਖ-) ਪਰਮਾਤਮਾ ਆਪਣਾ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਕਾਇਮ ਰੱਖਦਾ ਹੈ। ਉਹ ਪਰਮਾਤਮਾ ਸਭ ਤੋਂ ਵੱਡਾ ਹੈ, ਸ੍ਰਿਸਟੀ ਦਾ ਪਾਲਣ ਵਾਲਾ ਹੈ, ਆਨੰਦ-ਸਰੂਪ ਹੈ। ਜੇਹੜਾ ਮਨੁੱਖ ਉਸ ਦਾ ਨਾਮ ਸਿਮਰਦਾ ਹੈ, ਉਸ ਸਭ ਤੋਂ ਉੱਚੇ ਆਨੰਦ ਦੇ ਮਾਲਕ ਨੂੰ ਜਪ ਜਪ ਕੇ ਉਹ ਮਨੁੱਖ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ।੪।੧੦।੬੦।

ਆਵਾਜ਼ਿ ਕੌਮ AWAZE QAUM International Newspaper & WEB TV

**ਭੁੱਲ ਚੁੱਕ ਮੁਆਫ ਕਰਨਾ ਜੀਓ ।।**
**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 12, 13 ਤੇ 14 ਦਸੰਬਰ ਨੂੰ ਲਾਲ ਕਿਲ੍ਹੇ 'ਤੇ ਹੋਣਗੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ

# 350ਵੇਂ ਸ਼ਹੀਦੀ ਵਰ੍ਹੇ ਦੇ ਸਮਾਪਤੀ ਸਮਾਗਮ: ਕਾਲਕਾ, ਕਾਹਲੋਂ



ਨਵੀਂ ਦਿੱਲੀ 16 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-: ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਵਰ੍ਹੇ ਦੇ ਸਮਾਪਤੀ ਸਮਾਗਮ 12, 13 ਅਤੇ 14 ਦਸੰਬਰ ਨੂੰ ਲਾਲ ਕਿਲ੍ਹੇ 'ਤੇ ਕਰਵਾਏ ਜਾਣਗੇ। ਇਹ ਜਾਣਕਾਰੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ

## ਅਖੰਡ ਕੀਰਤਨੀ ਜੱਥੇ ਵਲੋਂ ਸਾਲਾਨਾ ਸਮਾਗਮ ਦੀ ਹੋਈ ਸ਼ੁਰੂਆਤ, ਕਾਲਕਾ ਕਾਹਲੋਂ ਨੇ ਭਰੀ ਹਾਜ਼ਿਰੀ

ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦਿੱਤੀ। ਅਖੰਡ ਕੀਰਤਨੀ ਜੱਥੇ ਵੱਲੋਂ ਦੇਵ ਨਗਰ ਵਿਖੇ ਸਾਲਾਨਾ ਸਮਾਗਮ ਵਿੱਚ ਸ਼ਮੂਲੀਅਤ ਕਰਦਿਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਪੂਰਾ ਸਾਲ ਗੁਰੂ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਵੱਖ-ਵੱਖ ਸਮਾਗਮ ਕਰਵਾਏ ਗਏ ਹਨ। ਹੁਣ ਸ਼ਹੀਦੀ ਵਰ੍ਹੇ ਦੇ ਸਮਾਪਤੀ ਸਮਾਗਮਾਂ ਦੀ ਲੜੀ ਸ਼ੁਰੂ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਇਸੇ ਤਹਿਤ ਸ੍ਰੀ ਸਹਿਜ ਪਾਠਾਂ ਦੀ ਲੜੀ ਵੀ ਆਰੰਭ ਹੋ ਚੁੱਕੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਜਿਹੜੇ ਸ਼ਰਧਾਲੂ ਅਜੇ ਤੱਕ ਇਸ ਲੜੀ ਦਾ ਹਿੱਸਾ ਨਹੀਂ ਬਣੇ, ਉਹ ਬਿਨਾਂ ਦੇਰੀ ਇਸ ਨਾਲ ਜੁੜਨ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਸ਼ਹੀਦੀ ਵਰ੍ਹੇ ਦੇ ਸਮਾਗਮਾਂ ਦੀ ਸ਼ੁਰੂਆਤ ਲਾਲ ਕਿਲ੍ਹੇ ਤੋਂ ਹੋਈ ਸੀ, ਜਿਸ ਵਿੱਚ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ ਅਤੇ ਇਹ ਇਤਿਹਾਸਕ ਮੌਕਾ ਪੂਰੀ ਦੁਨੀਆ ਨੇ ਵੇਖਿਆ। ਇਸੇ ਤਰ੍ਹਾਂ ਸਮਾਪਤੀ ਸਮਾਗਮ ਵੀ ਵਿਸ਼ਾਲ ਪੱਧਰ 'ਤੇ ਕਰਵਾਏ ਜਾਣਗੇ ਅਤੇ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਅਖੰਡ ਕੀਰਤਨੀ ਜੱਥੇ ਦੇ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜੱਥੇ ਵੱਲੋਂ ਹਰ ਸਾਲ ਵੱਡੇ ਪੱਧਰ 'ਤੇ ਸਮਾਗਮ ਕਰਵਾ ਕੇ ਸੰਗਤਾਂ ਨੂੰ ਗੁਰੂ ਸਾਹਿਬ ਅਤੇ ਗੁਰਬਾਣੀ ਨਾਲ ਜੋੜਨ ਲਈ ਮਹੱਤਵਪੂਰਨ ਉਪਰਾਲੇ ਕੀਤੇ ਜਾ ਰਹੇ ਹਨ।



### ਐਸਡੀਓ ਕੇਵਲ ਕਿਸ਼ਨ ਸ਼ਰਮਾ ਦੀ ਮਾਤਾ

# ਕੌਸ਼ਿਲਆ ਦੇਵੀ ਦਾ ਦੇਹਾਂਤ, ਪਰਿਵਾਰ ਵਿੱਚ ਸੋਗ ਦੀ ਲਹਿਰ

**ਫਿਰੋਜ਼ਪੁਰ 16 ਅਕਤੂਬਰ (ਮਨੋਹਰ ਲਾਲ)**-ਪੰਜਾਬ ਮੰਡੀ ਬੋਰਡ ਵਿੱਚ ਐਸਡੀਓ ਵਜੋਂ ਤਾਇਨਾਤ ਇੰਜੀਨੀਅਰ ਕੇਵਲ ਕਿਸ਼ਨ ਸ਼ਰਮਾ ਨੂੰ ਉਸ ਸਮੇਂ ਵੱਡਾ ਅਤੇ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ

## ਸਵਰਗੀ ਪੰਡਿਤ ਬ੍ਰਹਮਾ ਨੰਦ ਸ਼ਰਮਾ ਦੀ ਧਰਮ ਪਤਨੀ ਕੌਸ਼ਿਲਆ ਦੇਵੀ (95 ਸਾਲ) ਪੰਜ ਤਤਾਂ ਵਿੱਚ ਵਿਲੀਨ, ਕਿਰਿਆ 27 ਅਕਤੂਬਰ ਨੂੰ



ਸਤਿਕਾਰਯੋਗ ਮਾਤਾ ਜੀ ਸ਼੍ਰੀਮਤੀ ਕੌਸ਼ਿਲਆ ਦੇਵੀ ਇਸ ਫਾਨੀ ਦੁਨੀਆ ਨੂੰ ਅਲਵਿਦਾ ਕਹਿ ਕੇ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ। ਮਾਤਾ ਕੌਸ਼ਿਲਆ ਦੇਵੀ ਦੀ ਉਮਰ 95 ਸਾਲ ਸੀ ਅਤੇ ਉਹ ਪਿੰਡ ਲੂਥੜ (ਫ਼ਿਰੋਜ਼ਪੁਰ) ਦੇ ਸਾਬਕਾ ਸਰਪੰਚ ਸਵਰਗੀ ਪੰਡਿਤ ਬ੍ਰਹਮਾ ਨੰਦ ਸ਼ਰਮਾ ਦੀ ਧਰਮ ਪਤਨੀ ਸਨ। ਉਨ੍ਹਾਂ ਦੇ ਅਕਾਲ ਚਲਾਣੇ ਦੀ ਖ਼ਬਰ ਮਿਲਦਿਆਂ ਹੀ ਇਲਾਕੇ ਭਰ ਵਿੱਚ ਸੋਗ ਦੀ ਲਹਿਰ ਫੈਲ ਗਈ। ਰਿਸ਼ਤੇਦਾਰਾਂ, ਮਿੱਤਰਾਂ, ਅਤੇ ਵੱਖ-ਵੱਖ ਪਤਵੰਤਿਆਂ ਨੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਮਾਤਾ ਕੌਸ਼ਿਲਆ ਦੇਵੀ ਦਾ ਵਿਛੋੜਾ ਪਰਿਵਾਰ ਲਈ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਹੈ, ਕਿਉਂਕਿ ਉਨ੍ਹਾਂ ਨੇ ਹਮੇਸ਼ਾ ਪਰਿਵਾਰ ਨੂੰ ਉੱਚ ਧਾਰਮਿਕ ਅਤੇ ਸਮਾਜਿਕ ਕਦਰਾਂ-ਕੀਮਤਾਂ ਨਾਲ ਜੋੜ ਕੇ ਰੱਖਿਆ। ਦੱਸਣਯੋਗ ਹੈ ਕਿ ਇੰਜੀਨੀਅਰ ਕੇਵਲ ਕਿਸ਼ਨ ਸ਼ਰਮਾ ਪੰਜਾਬ ਮੰਡੀ ਬੋਰਡ ਵਿੱਚ ਫ਼ਿਰੋਜ਼ਪੁਰ ਵਿਖੇ ਐਸਡੀਓ ਵਜੋਂ ਸੇਵਾਵਾਂ ਨਿਭਾ ਰਹੇ ਹਨ, ਜਦੋਂ ਕਿ ਉਨ੍ਹਾਂ ਦੇ ਦੂਜੇ ਸਪੁੱਤਰ ਸ਼੍ਰੀ ਵਿਜੇ ਕੁਮਾਰ ਸ਼ਰਮਾ ਬੀ.ਐੱਨ.ਐੱਸ. ਮੈਮੋਰੀਅਲ ਹਾਈ ਸਕੂਲ, ਖਾਈ ਫੇਮੇ ਕੀ (ਫ਼ਿਰੋਜ਼ਪੁਰ) ਦੇ ਚੇਅਰਮੈਨ ਵਜੋਂ ਸੇਵਾਵਾਂ ਦੇ ਰਹੇ ਹਨ। ਪਰਿਵਾਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਮਾਤਾ ਕੌਸ਼ਿਲਆ ਦੇਵੀ ਦੀ ਆਤਮਿਕ ਸ਼ਾਂਤੀ ਲਈ ਰੱਖੀ ਗਈ ਅੰਤਮ ਅਰਦਾਸ ਅਤੇ ਕਿਰਿਆ ਮਿਤੀ 27 ਅਕਤੂਬਰ (ਮੰਗਲਵਾਰ) ਨੂੰ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਪਰਮਾਰਥ ਭਵਨ, ਜ਼ੀਰਾ ਗੇਟ, ਫ਼ਿਰੋਜ਼ਪੁਰ ਸਿਟੀ ਵਿਖੇ ਹੋਵੇਗੀ। ਇਸ ਦੁੱਖ ਦੀ ਘੜੀ ਵਿੱਚ ਵੱਖ-ਵੱਖ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਸ਼ਰਧਾਂਜਲੀ ਭੇਂਟ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਹੈ ਕਿ ਉਹ ਵਿਛੜੀ ਹੋਈ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖ਼ਸ਼ਣ ਅਤੇ ਪਿੱਛੇ ਰਹਿ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

# ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਭਾ ਕਰਵਾਈ



**ਬਿਲਾਸਪੁਰ/ਮੋਗਾ (ਵਰਿਆਮ ਹਠੂਰ) :** ਇਲਾਕੇ ਦੀ ਨਾਮਵਾਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਸਿੱਖ ਕੌਮ ਦੇ ਮਹਾਨ ਯੋਧੇ ਅਤੇ ਪਹਿਲੇ ਸਿੱਖ ਰਾਜ ਦੇ ਸੰਸਥਾਪਕ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਤੌਰ ਤੇ ਸਵੇਰੇ ਦੀ ਸਭਾ ਕਰਵਾਈ ਗਈ। ਸਕੂਲ ਸਟਾਫ ਵੱਲੋਂ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਮਹਾਨ ਜੀਵਨ, ਬਹਾਦਰੀ, ਕੁਰਬਾਨੀ ਅਤੇ ਸਮਾਜਿਕ ਬਰਾਬਰੀ ਲਈ ਕੀਤੇ ਇਤਿਹਾਸਕ ਕਾਰਜਾਂ ਤੋਂ ਜਾਣੂੰ ਕਰਵਾਇਆ ਗਿਆ। ਵਿਸ਼ੇਸ਼ ਸਭਾ ਦੌਰਾਨ ਵਿਦਿਆਰਥੀਆਂ ਨੇ ਭਾਸ਼ਣਾਂ ਰਾਹੀਂ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਜ਼ੁਲਮ ਤੇ ਅਨਿਆਂ ਵਿਰੁੱਧ ਕੀਤੇ ਸੰਘਰਸ਼ ਬਾਰੇ ਚਾਨਣਾ ਪਾਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸਰਦਾਰ ਜਸਮੇਲ ਸਿੰਘ ਕਲਸੀ ਨੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ ਜੀਵਨ ਸਾਨੂੰ ਨਿੱਡਰਤਾ, ਇਨਸਾਫ਼, ਮਨੁੱਖਤਾ ਅਤੇ ਸੱਚਾਈ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿੱਖ ਕੌਮ ਦੇ ਮਹਾਨ ਵਿਰਸੇ ਅਤੇ ਸ਼ਾਨਾਮੱਤੇ ਇਤਿਹਾਸ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ, ਤੇ ਸਕੂਲ ਚੇਅਰਮੈਨ ਸ੍ਰੀ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਦਾ ਮੁੱਖ ਉਦੇਸ਼ ਨਵੀਂ ਪੀੜ੍ਹੀ ਨੂੰ ਆਪਣੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂੰ ਕਰਵਾਉਣਾ ਅਤੇ ਉਨ੍ਹਾਂ ਅੰਦਰ ਨੈਤਿਕ ਕਦਰਾਂ-ਕੀਮਤਾਂ ਪੈਦਾ ਕਰਨਾ ਹੈ। ਇਸ ਮੌਕੇ ਸਕੂਲ ਸਟਾਫ, ਮੈਨਜਮੈਂਟ ਅਤੇ ਸਕੂਲ ਦੇ ਬੱਚੇ ਹਾਜ਼ਰ ਸਨ।

# ਜੀ.ਕੇ.ਯੂ. ਦੇ ਨਿਊਜ਼ ਲੈਟਰ ਅਤੇ ਵਿਦਿਆਰਥੀ ਮੈਗਜ਼ੀਨ ਦੇ ਪੋਸਟਰ ਰੀਲੀਜ਼





ਤਲਵੰਡੀ ਸਾਬੋ, 16 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਨਿਊਜ਼ ਲੈਟਰ ਸਾਲ-2026 ਦੇ ਚੌਥੇ ਅੰਕ ਅਤੇ ਵਿਦਿਆਰਥੀ ਮੈਗਜ਼ੀਨ ਜੀ.ਕੇ.ਯੂ. ਪਰਵਾਜ਼ ਦੇ ਪੋਸਟਰ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਵੱਲੋਂ ਵਰਸਿਟੀ ਕਾਨਫਰੰਸ ਹਾਲ ਵਿਖੇ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਰੋਹ ਵਿੱਚ ਰੀਲੀਜ਼ ਕੀਤੇ ਗਏ। ਇਸ ਮੌਕੇ ਨਿਊਜ਼ ਲੈਟਰ ਦੇ ਅਡੀਟਰ ਇੰਨ ਚੀਫ਼ ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ, ਅਤੇ ਸੰਪਾਦਕੀ ਬੋਰਡ ਦੇ ਮੈਂਬਰ ਡਾਇਰੈਕਟਰ ਆਈ.ਟੀ. ਡਾ. ਸੰਨੀ ਅਰੋੜਾ, ਮੈਗਜ਼ੀਨ ਪਰਵਾਜ਼ ਦੇ ਮੁੱਖ ਅਡੀਟਰ ਡਾ. ਮਨੀਤਾ ਪਨੇਰੀ, ਐਸੋਸੀਏਟ ਅਡੀਟਰ ਡਾ. ਵਿਕਾਸ ਗੁਪਤਾ, ਡਿਪਟੀ ਡਾਇਰੈਕਟਰ, ਲੋਕ ਸੰਪਰਕ ਲਵਲੀਨ ਸਚਦੇਵਾ, ਡਿਪਟੀ ਰਜਿਸਟਰਾਰ ਕੁਲਵੀਰ ਸਿੰਘ, ਡਿਜ਼ਾਈਨਰ ਬਲਜੀਤ ਸਿੰਘ ਮਲੱਣ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਹਾਜ਼ਰ ਸਨ। ਪੋਸਟਰ ਜਾਰੀ ਕਰਨ ਮੌਕੇ ਵਾਈਸ ਚਾਂਸਲਰ ਡਾ. ਸਿੰਘ ਨੇ ਜੀ.ਕੇ.ਯੂ. ਨਿਊਜ਼ ਲੈਟਰ ਦੇ ਮੁੱਖ ਸੰਪਾਦਕ ਡਾ. ਜਗਤਾਰ ਸਿੰਘ ਧੀਮਾਨ, ਮੈਗਜ਼ੀਨ ਦੇ ਮੁੱਖ ਸੰਪਾਦਕ ਡਾ. ਪਨੇਰੀ ਦੀਆਂ ਟੀਮਾਂ ਨੂੰ ਸਮੇਂ ਸਿਰ ਅਤੇ ਸ਼ਾਨਦਾਰ ਸਾਹਿਤਿਕ ਸਮੱਗਰੀ ਯੁਕਤ ਪ੍ਰਕਾਸ਼ਨ ਕਰਨ ਲਈ ਕੀਤੀਆਂ ਪਹਿਲ-ਕਦਮੀਆਂ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਜਿੱਥੇ ਨਿਊਜ਼ ਲੈਟਰ ਯੂਨੀਵਰਸਿਟੀ ਦੀਆਂ ਗਤੀਵਿਧੀਆਂ ਦੀ ਤਰਜ਼ਮਾਨੀ ਕਰਦਾ ਹੈ, ਉੱਥੇ ਪਰਵਾਜ਼ ਮੈਗਜ਼ੀਨ ਨੇ ਵਿਦਿਆਰਥੀਆਂ ਅੰਦਰ ਛੁਪੀ ਹੋਈ ਸਾਹਿਤਿਕ ਪ੍ਰਤਿਭਾ ਨਿਖਾਰਨ ਅਤੇ ਸੰਵਾਰਨ ਦਾ ਕੰਮ ਕਰਦਾ ਹੈ। ਉਹਨਾਂ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦੇ ਬਹੁ-ਪੱਖੀ ਵਿਕਾਸ ਵਿੱਚ ਅਜਿਹੀਆਂ ਗਤੀਵਿਧੀਆਂ ਤੇ ਪਹਿਲ-ਕਦਮੀਆਂ ਮਹੱਤਵਪੂਰਨ ਯੋਗਦਾਨ ਅਦਾ ਕਰਦੀਆਂ ਹਨ। ਨਿਊਜ਼ ਲੈਟਰ ਦੇ ਅਡੀਟਰ ਇੰਨ ਚੀਫ਼ ਪਰੋ.ਵਾਈਸ ਚਾਂਸਲਰ ਡਾ. ਧੀਮਾਨ ਨੇ ਨਿਊਜ਼ ਲੈਟਰ ਨੂੰ ਵਰਸਿਟੀ ਗਤੀਵਿਧੀਆਂ ਅਤੇ ਵਿਦਿਆਰਥੀਆਂ ਦੀਆਂ ਉਪਲੱਬਧੀਆਂ ਨੂੰ ਵੱਖ-ਵੱਖ ਯੂਨੀਵਰਸਿਟੀਆਂ ਵਿੱਚ ਪਹੁੰਚਾਉਣ ਦਾ ਪ੍ਰਭਾਵਸ਼ਾਲੀ ਸਾਧਨ ਦੱਸਿਆ। ਉਹਨਾਂ ਕਿਹਾ ਕਿ ਇਸ ਵਿੱਚ ਵਰਸਿਟੀ ਵਿੱਚ ਹੋ ਰਹੀਆਂ ਅਕਾਦਮਿਕ ਸੱਭਿਆਚਾਰਕ, ਖੋਜ ਤੇ ਅਧਿਆਪਨ, ਵੱਖ-ਵੱਖ ਆਯੋਜਨਾਂ ਸੰਬੰਧੀ ਗਤੀਵਿਧੀਆਂ, ਅਤੇ ਸਮਾਜਿਕ ਸਰੋਕਾਰਾਂ ਨਾਲ ਸੰਬੰਧਿਤ ਸਮੱਗਰੀ ਨੂੰ ਸੰਕਲਿਤ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਇਹ ਪਹਿਲ-ਕਦਮੀ ਵਰਸਿਟੀ ਦੀ ਪ੍ਰਤਿਸ਼ਠਾ ਅਤੇ ਪਛਾਣ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨਸ਼ੇ ਦੇ ਵਿਕਰੇਤਾ ਵੱਲੋਂ ਗੋਲੀਆਂ ਮਾਰ ਕੇ ਸ਼ਹੀਦ ਕੀਤੇ ਗਏ ਭਾਈ ਪਰਮਿੰਦਰ ਸਿੰਘ ਝੋਟਾ ਮਾਨਸਾ ਦੇ ਪ੍ਰੀਵਾਰ ਨਾਲ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੁੱਜ ਕੇ ਦੁੱਖ ਸਾਂਝਾ ਕੀਤਾ












ਮਾਨਸਾ, 16 ਅਕਤੂਬਰ (ਆਵਾਜ਼ਿ ਕੌਮ ਬਿਊਰੋ)–ਨਸ਼ੇ ਦੇ ਵਿਕਰੇਤਾ ਵੱਲੋਂ ਗੋਲੀਆਂ ਮਾਰ ਕੇ ਸ਼ਹੀਦ ਕੀਤੇ ਗਏ ਭਾਈ ਪਰਮਿੰਦਰ ਸਿੰਘ ਝੋਟਾ ਮਾਨਸਾ ਦੇ ਪ੍ਰੀਵਾਰ ਨਾਲ ਅੱਜ 16 ਅਕਤੂਬਰ ਨੂੰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੁੱਜ ਕੇ ਦੁੱਖ ਸਾਂਝਾ ਕੀਤਾ ਅਤੇ ਇਨਸਾਫ ਲਈ ਚੱਲ ਰਹੇ ਧਰਨੇ ਵਿੱਚ ਸੰਗਤਾਂ ਨੂੰ ਸੰਬੋਧਨ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਬਾਪੂ ਭੀਮ ਸਿੰਘ ਨਾਲ ਗੱਲਬਾਤ ਕਰਦਿਆਂ ਕਿਹਾ ਕੇ ਪ੍ਰੀਵਾਰ ਅਤੇ ਇਨਸਾਫ ਐਕਸ਼ਨ ਕਮੇਟੀ ਦਾ ਸਮਰਥਨ ਕਰਦੇ ਹਾਂ ਵੱਡੀ ਤਾਦਾਦ ਵਿੱਚ ਪੁੱਜੀਆਂ ਸੰਗਤਾਂ ਦਾ ਵੀ ਧੰਨਵਾਦ ਕੀਤਾ ਇਸ ਸਮੇਂ ਹੋਰਨਾਂ ਤੋਂ ਇਲਾਵਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਗੁਰਪਾਲ ਸਿੰਘ ਗੋਰਾ ਐਲਨਾਬਾਦ,ਐਡਵੋਕੇਟ ਗੁਰਤੇਜ ਸਿੰਘ ਅੰਬਾਲਾ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਸੌਂਕੜਾ ਕਰਨਾਲ ਮੈਂਬਰ ਪ੍ਰਤੀਨਿਧ,ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਪੰਥਕ ਸੇਵਾ ਲਹਿਰ ਦਾਦੂ ਸਾਹਿਬ,ਭਾਈ ਅਰਵਿੰਦਰ ਸਿੰਘ ਸੋਢੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243